ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 23 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੧੨ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਅਮਰੀਕਾ ਤੋਂ ਬਾਅਦ ਕੈਨੇਡਾ ਨੇ ਪੰਜਾਬੀਆਂ ਨੂੰ ਦਿੱਤਾ ਝਟਕਾ ! ਵੀਜ਼ਾ ਨੂੰ ਲੈ ਨਵੇਂ ਆਰਡਰ; ਭਾਰਤੀਆਂ ਲਈ ਖੜ੍ਹੀ ਹੋਈ ਮੁਸੀਬਤ...

ਨਵੀਂ ਦਿੱਲੀ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)- ਅਮਰੀਕਾ ਤੋਂ ਬਾਅਦ ਕੈਨੇਡਾ ਨੇ ਪੰਜਾਬੀਆਂ ਨੂੰ ਵੱਡਾ ਝਟਕਾ ਦਿੱਤਾ ਹੈ।ਹੁਣ ਕੈਨੇਡਾ ਵਿੱਚ ਪੜ੍ਹਾਈ ਅਤੇ ਕੰਮ ਕਰਨ ਦੀ ਯੋਜਨਾ ਬਣਾਉਣ ਵਾਲਿਆਂ ਲਈ ਮੁਸ਼ਕਲਾਂ ਵੱਧ ਗਈਆਂ ਹਨ।ਦਰਅਸਲ, ਕੈਨੇਡਾ ਨੇ ਆਪਣੇ ਇਮੀਗ੍ਰੇਸ਼ਨ ਨਿਯਮਾਂ ਨੂੰ ਪਹਿਲਾਂ ਨਾਲੋਂ ਵੀ ਸਖ਼ਤ ਬਣਾ ਦਿੱਤਾ ਹੈ। ਨਵੇਂ ਲਾਗੂ ਕੀਤੇ ਗਏ ਨਿਯਮਾਂ ਦੇ ਤਹਿਤ, ਸਰਹੱਦੀ ਅਤੇ ਇਮੀਗ੍ਰੇਸ਼ਨ ਅਧਿਕਾਰੀ ਹੁਣ **Study** ਅਤੇ ਵਰਕ ਪਰਮਿਟ ਵਰਗੇ ਅਸਥਾਈ ਨਿਵਾਸ ਵੀਜ਼ੇ ਨੂੰ ਸਿੱਧੇ ਤੌਰ 'ਤੇ ਰੱਦ ਕਰਨ ਦੇ ਯੋਗ ਹੋਣਗੇ। ਜਾਣਕਾਰੀ ਅਨੁਸਾਰ, ਨਿਯਮਾਂ ਵਿੱਚ ਇਹ ਬਦਲਾਅ ਇਮੀਗ੍ਰੇਸ਼ਨ, ਰਫਿਊਜੀਜ਼ ਐਂਡ ਸਿਟੀਜ਼ਨਸ਼ਿਪ ਕੈਨੇਡਾ ਦੁਆਰਾ ਲਾਗੂ ਕੀਤੇ ਗਏ ਹਨ। ਇਹ ਧਿਆਨ ਦੇਣ ਯੋਗ ਹੈ ਕਿ ਇਹ 31 ਜਨਵਰੀ, 2025 ਨੂੰ ਲਾਗੂ ਹੋਏ ਸਨ ਅਤੇ ਕੈਨੇਡਾ ਗਜ਼ਟ II ਵਿੱਚ ਵੀ ਪ੍ਰਕਾਸ਼ਿਤ ਹੋਏ ਸਨ।ਨਵੇਂ ਨਿਯਮਾਂ ਦੇ ਤਹਿਤ, ਅਧਿਕਾਰੀ ਇਲੈਕਟ੍ਰਾਨਿਕ ਯਾਤਰਾ ਅਧਿਕਾਰ ਅਤੇ ਸਥਾਈ ਨਿਵਾਸੀ ਵੀਜ਼ਾਨੂੰ ਰੱਦ ਕਰ ਸਕਦੇ ਹਨ।ਹਾਲਾਂਕਿ, ਇਹ ਉਦੋਂ ਹੋ ਸਕਦਾ ਹੈ ਜੇਕਰ ਕੋਈ ਵਿਅਕਤੀ ਅਯੋਗ ਹੈ ਜਾਂ ਗਲਤ ਜਾਣਕਾਰੀ ਪ੍ਰਦਾਨ ਕਰਦਾ ਹੈ ਜਾਂ ਉਸਦਾ ਅਪਰਾਧਿਕ ਰਿਕਾਰਡ ਹੈ। ਇਸ ਤੋਂ ਇਲਾਵਾ, ਪੜ੍ਹਾਈ ਅਤੇ ਵਰਕ ਪਰਮਿਟ ਵੀ ਹੁਣ ਕੁਝ ਖਾਸ ਹਾਲਤਾਂ ਵਿੱਚ ਰੱਦ ਕੀਤੇ ਜਾ ਸਕਦੇ ਹਨ।

# ਮੈਂ ਸਮਝਦਾ ਸੀ, ਅਕਾਲ ਤਖਤ ਦਾ ਹੁਕਮ ਸਰਵਉੱਚ ਪਰ ਹੁਣ ਪਤਾ ਲੱਗਿਆ ਇਹ ਤਾਂ ਚਾਰਦੀਵਾਰੀ ਤੱਕ ਸੀਮਤ, ਜਥੇਦਾਰ ਨੇ ਫਰੋਲਿਆ ਦਰਦ !

ਅੰਮ੍ਰਿਤਸਰ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)- ਸ੍ਰੀ ਅਕਾਲ ਤਖਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਆਪਣਾ ਅਸਤੀਫਾ



ਵਾਪਸ ਲੈਣ ਅਤੇ ਆਪਣੀਆਂ ਜ਼ਿੰਮੇਵਾਰੀਆਂ ਸਾਂਭਣ ਦੀ ਅਪੀਲ ਕੀਤੀ ਹੈ। ਉਂਝ ਜਥੇਦਾਰ ਨੇ ਸਾਫ਼ ਕਰ ਦਿੱਤਾ ਕਿ ਉਨ੍ਹਾਂ ਨੂੰ ਕੱਲ੍ਹ ਹੀ ਪਤਾ ਲੱਗਾ ਹੈ ਕਿ ਅਕਾਲ ਤਖ਼ਤ ਦੇ ਹੁਕਮ ਸਿਰਫ਼ ਇਸ ਦੀ ਚਾਰਦੀਵਾਰੀ ਤੱਕ ਸੀਮਤ ਹਨ। ਜ਼ਿਕਰ ਕਰ ਦਈਏ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਅਸਤੀਫੇ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਕਮੇਟੀ ਵਿਚਕਾਰ ਦੂਰੀ ਵਧਦੀ ਜਾ ਰਹੀ ਹੈ। ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਮੁੱਖ ਐਡਵੋਕੇਟ ਧਾਮੀ ਨੂੰ ਨੈਤਿਕ ਆਧਾਰ 'ਤੇ ਦਿੱਤਾ ਆਪਣਾ ਅਸਤੀਫ਼ਾ ਵਾਪਸ ਲੈਣ ਲਈ ਕਿਹਾ ਹੈ।ਮੀਡੀਆ ਨਾਲ ਗੱਲਬਾਤ ਦੌਰਾਨ ਸਵਾਲ ਪੁੱਛੇ ਜਾਣ 'ਤੇ ਜਥੇਦਾਰ ਨੇ ਆਪਣੇ ਅਸਤੀਫ਼ੇ ਦੀਆਂ ਅਟਕਲਾਂ ਤੋਂ ਇਨਕਾਰ ਨਹੀਂ ਕੀਤਾ, ਪਰ ਉਨ੍ਹਾਂ ਦੇ ਸ਼ਬਦ ਸਨ - ਜੋ ਗੁਰੂ ਜੀ ਨੂੰ ਮਨਜ਼ੂਰ ਹੋਵੇਗਾ ਉਹੀ ਹੋਵੇਗਾ। ਇਸ ਸਮੇਂ ਦੌਰਾਨ, ਜਥੇਦਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀਆਂ ਸ਼ਕਤੀਆਂ 'ਤੇ ਵੀ ਸਵਾਲ ਖੜ੍ਹੇ ਕੀਤੇ ਹਨ। ਜਥੇਦਾਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਅੰਤਰਿਮ ਕਮੇਟੀ ਦੇ ਮੈਂਬਰ ਕੱਲ੍ਹ ਉਨ੍ਹਾਂ ਨੂੰ ਮਿਲਣ ਆਏ ਸਨ। ਜਿਸਨੇ ਉਨ੍ਹਾਂ ਨੂੰ ਅਧਿਕਾਰ ਖੇਤਰ ਬਾਰੇ ਦੱਸਿਆ।ਪਹਿਲਾਂ ਮੈਂ ਸੋਚਦਾ ਸੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹੁਕਮ ਦੁਨੀਆਂ ਦੇ ਸਾਰੇ ਸਿੱਖਾਂ 'ਤੇ ਲਾਗੂ ਹੁੰਦਾ ਹੈ। ਕੱਲ੍ਹ ਮੈਨੂੰ ਪਤਾ ਲੱਗਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਸਿਰਫ਼ ਤਖ਼ਤ ਦੀਆਂ ਚਾਰ ਦੀਵਾਰਾਂ ਤੱਕ ਹੀ ਸੀਮਤ ਹਨ। ਇਸ ਮੌਕੇ ਉਨ੍ਹਾਂ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਹੱਕ ਵਿੱਚ ਪਾਈ ਗਈ ਪੋਸਟ 'ਤੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਅਹੁਦਾ ਛੋਟਾ ਹੋਵੇ ਜਾਂ ਵੱਡਾ, ਸਭ ਦਾ ਸਤਿਕਾਰ ਕਾਇਮ ਰੱਖਣਾ ਚਾਹੀਦਾ ਹੈ। ਸ਼੍ਰੋਮਣੀ ਕਮੇਟੀ ਇੱਕ ਚੁਣੀ ਹੋਈ ਸੰਸਥਾ ਹੈ। ਹਰ ਕਿਸੇ ਦਾ ਆਪਣਾ ਅਧਿਕਾਰ ਖੇਤਰ ਹੁੰਦਾ ਹੈ। ਸ਼੍ਰੋਮਣੀ ਕਮੇਟੀ ਨੇ ਪ੍ਰੈਸ ਕਾਨਫਰੰਸ ਵਿੱਚ ਇਹ ਵੀ ਕਿਹਾ ਕਿ ਇਹ ਪੋਸਟ ਨਹੀਂ ਲਗਾਈ ਜਾਣੀ ਚਾਹੀਦੀ ਸੀ। ਪਰ ਪਿਛਲੇ ਕੁਝ ਦਿਨਾਂ ਵਿੱਚ ਮੈਂ ਜੋ ਵੀ ਮਹਿਸੂਸ ਕੀਤਾ, ਮੈਂ ਇਸਨੂੰ ਆਪਣੀ ਪੋਸਟ ਵਿੱਚ ਪ੍ਰਗਟ ਕੀਤਾ। ਮੈਂ ਇਸਨੂੰ ਆਪਣੇ ਨਿੱਜੀ ਖਾਤੇ 'ਤੇ ਪੋਸਟ ਕੀਤਾ ਸੀ। ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ - ਇਹ ਸਾਰਾ ਪਹਿਲੂ ਇੱਕ ਦੁਖਦਾਈ ਪਹਿਲੂ ਹੈ। ਇਹ ਨਹੀਂ ਹੋਣਾ ਚਾਹੀਦਾ ਸੀ। ਸਾਨੂੰ ਇਸ ਨੂੰ ਕੁਦਰਤੀ ਸੰਜਮ ਨਾਲ ਦੇਖਣਾ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਇਸ ਗੱਲ ਬਾਬਤ ਵੀ ਸੰਕੇਤ ਕੀਤਾ ਕਿ ਹਰਜਿੰਦਰ ਸਿੰਘ ਧਾਮੀ ਕਿਸੇ ਦਬਾਅ ਹੇਠ ਵੀ ਹੋ ਸਕਦੇ ਹਨ।

## ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਮਨਜਿੰਦਰ ਸਿਰਸਾ ਨੇ ਦਰਬਾਰ ਸਾਹਿਬ ਟੇਕਿਆ ਮੱਥਾ, ਸਿਆਸੀ ਗੱਲਬਾਤ ਕਰਨ ਤੋਂ ਕੀਤਾ ਇਨਕਾਰ

ਅੰਮ੍ਰਿਤਸਰ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)-ਭਾਜਪਾ ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਮਨਜਿੰਦਰ



ਸਿੰਘ ਸਿਰਸਾ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚੇ। ਜਿੱਥੇ ਉਨ੍ਹਾਂ ਨੇ ਗੁਰੂ ਘਰ ਸੀਸ ਝੁਕਾ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ। ਹਾਲਾਂਕਿ ਇਸ ਮੌਕੇ ਉਨ੍ਹਾਂ ਕਿਸੇ ਵੀ ਤਰ੍ਹਾਂ ਦੇ ਸਿਆਸੀ ਬਿਆਨ ਤੋਂ ਗੁਰੇਜ਼ ਕੀਤਾ। ਉਨ੍ਹਾਂ ਮੀਡੀਆ ਨਾਲ ਗੱਲ ਕਰਦਿਆਂ ਕਿਹਾ ਕਿ ਮੈਂ ਮੰਤਰੀ ਮੰਡਲ 'ਚ ਅਹੁਦਾ ਸੰਭਾਲਨ ਤੋਂ ਪਹਿਲਾਂ ਪ੍ਰਮਾਤਮਾ ਦਾ ਧਨਵਾਦ ਕਰਨ ਸ੍ਰੀ ਦਰਬਾਰ ਸਾਹਿਬ ਆਇਆ ਹਾਂ ਤੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦਾ ਹਾਂ ਕਿ ਮੈਨੂੰ ਇਨਾਂ ਮਾਨ ਬਖ਼ਿਸ਼ਆ, ਮੈਂ ਇਸ ਸਮੇਂ ਕੋਈ ਵੀ ਸਿਆਸੀ ਗੱਲ ਨਹੀਂ ਕਰਨਾ ਚਾਹੁੰਦਾ। ਦੱਸ ਦਈਏ ਕਿ ਦਿੱਲੀ ਵਿਧਾਨ ਸਭਾ ਵਿਚ ਭਾਜਪਾ ਪਾਰਟੀ ਵਲੋਂ ਜਿੱਤ ਹਾਸਲ ਕਰ ਕੇ ਸਰਕਾਰ ਬਣਾਉਣ ਤੋਂ ਬਾਅਦ ਮਨਜਿੰਦਰ ਸਿਰਸਾ ਨੂੰ ਕੈਬਿਨਟ ਮੰਤਰੀ ਦਾ ਅਹੁਦਾ ਦਿਤਾ ਗਿਆ ਹੈ। ਜਿਸ ਦੇ ਚਲਦੇ ਮਨਜਿੰਦਰ ਸਿਰਸਾ ਅੱਜ ਗੁਰੂ ਘਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਲਈ ਪਹੁੰਚੇ ਸਨ। ਖ਼ਾਸ ਗੱਲ ਇਹ ਵੀ ਹੈ ਕਿ ਦਿੱਲੀ ਚੋਣਾਂ ਵਿਚ ਇਸ ਵਾਰ ਪੰਜਾਬੀ ਭਾਈਚਾਰਾ ਅਤੇ ਸਿੱਖ ਚਿਹਰਾ ਅਹਿਮ ਰੱਖਿਆ ਗਿਆ ਅਤੇ ਭਾਜਪਾ ਨੇ ਸਿੱਖ ਵੋਟ 'ਤੇ ਦਾਅ ਖੇਢਿਆ ਅਤੇ ਸਫ਼ਲ ਹੋਈ। ਇਸ ਨਾਲ ਹੀ 27 ਸਾਲ ਬਾਅਦ ਦਿੱਲੀ 'ਚ ਕਾਬਜ਼ ਹੋਈ ਭਾਜਪਾ ਵਲੋਂ ਜਲਦ ਹੀ ਦਿੱਲੀ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀਆਂ ਤਿਆਰੀਆਂ ਸ਼ੁਰੂ ਕੀਤੀਆਂ ਜਾਣਗੀਆਂ।

## ਕੈਨੇਡਾ ਦੇ ਪੀਐਮ ਬਣਨ ਦੀ ਦੌੜ ਤੋਂ ਬਾਹਰ ਹੋਏ ਰੂਬੀ ਢੱਲਾ

ਟੋਰੰਟੋ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)-ਕੈਨੇਡਾ ਦੇ ਪ੍ਰਧਾਨ ਮੰਤਰੀ ਬਣਨ ਦੀ ਦੌੜ ਤੋਂ ਪੰਜਾਬੀ ਮੂਲ ਦੇ ਰੂਬੀ ਢੱਲਾ ਹੁਣ ਬਾਹਰ ਹੋ ਗਏ ਹਨ। ਦਰਅਸਲ, ਲਿਬਰਲ



ਪਾਰਟੀ ਆਫ਼ ਕੈਨੇਡਾ ਦੀ ਇੱਕ ਕਮੇਟੀ ਨੇ ਸ਼ੁੱਕਰਵਾਰ ਨੂੰ ਸਰਬਸੰਮਤੀ ਨਾਲ ਵੋਟਿੰਗ ਕਰ ਕੇ ਸਾਬਕਾ ਸੰਸਦ ਮੈਂਬਰ ਰੂਬੀ ਢੱਲਾ ਨੂੰ ਇਸ ਦੇ ਲਈ ਅਯੋਗ ਕਰਾਰ ਦੇ ਦਿੱਤਾ ਹੈ। ਸੀਬੀਸੀ ਦੀ ਇੱਕ ਰਿਪੋਰਟ ਮੁਤਾਬਕ, ਪਾਰਟੀ ਦੇ ਕੌਮੀ ਨਿਰਦੇਸ਼ਕ, ਆਜ਼ਮ ਇਸਮਾਈਲ ਨੇ ਇੱਕ ਬਿਆਨ ਵਿੱਚ ਕਿਹਾ ਕਿ ਉਨ੍ਹਾਂ ਨੇ 10 ਤਰ੍ਹਾਂ ਦੀ ਨਿਯਮਾਂ ਦੀ ਉਲੰਘਣਾ ਕੀਤੀ ਹੈ, ਜਿਨ੍ਹਾਂ ਵਿੱਚੋਂ ਕੁਝ ਪਾਰਟੀ ਦੀ ਲੀਡਰਸ਼ਿਪ ਅਤੇ ਖਰਚ ਨਿਯਮਾਂ ਨਾਲ ਵੀ ਸਬੰਧਤ ਹਨ।ਉਨ੍ਹਾਂ ਦੱਸਿਆ ਕਿ ਪੂਰੀ ਤਰ੍ਹਾਂ ਨਾਲ ਸਮੀਖਿਆ ਕਰਨ ਤੋਂ ਬਾਅਦ ਇਹ ਫ਼ੈਸਲਾ ਲਿਆ ਗਿਆ ਹੈ ਜਿਸ ਵਿੱਚ ਢੱਲਾ ਤੋਂ ਸਵਾਲ-ਜਵਾਬ ਵੀ ਕੀਤੇ ਗਏ ਸਨ। ਹਾਲਾਂਕਿ ਰੂਬੀ ਢੱਲਾ ਨੇ ਆਪਣੇ ਉੱਪਰ ਲੱਗੇ ਇਲਜ਼ਾਮਾਂ ਤੋਂ ਇਨਕਾਰ ਕੀਤਾ ਹੈ। ਰਿਪੋਰਟ ਮੁਤਾਬਕ, "ਲੀਡਰਸ਼ਿਪ ਵੋਟ ਕਮੇਟੀ ਨੇ ਇਹ ਨਿਰਧਾਰਤ ਕੀਤਾ ਕਿ ਕੀਤੀ ਗਈ ਉਲੰਘਣਾ ਬਹੁਤ ਗੰਭੀਰ ਸਨ।" ਜਿਨ੍ਹਾਂ ਵਿੱਚ ਕੈਨੇਡਾ ਚੋਣ ਐਕਟ ਦੀ ਉਲੰਘਣਾ ਕਰਨਾ, ਵਿੱਤ ਨਾਲ ਜੁੜੀ ਗਲਤ ਜਾਣਕਾਰੀ ਦੇਣਾ, ਤੱਥ ਪੇਸ਼ ਨਾ ਕਰਨਾ ਆਦਿ ਸ਼ਾਮਲ ਹਨ। ਵੀਰਵਾਰ ਨੂੰ ਪਾਰਟੀ ਨੇ ਪੁਸ਼ਟੀ ਕੀਤੀ ਕਿ ਢੱਲਾ ਦੀ ਮੁਹਿੰਮ ਲਈ 21,000 ਡਾਲਰ ਦੇ ਯੋਗਦਾਨ ਨੂੰ ਵੀ ਰੋਕਿਆ ਜਾ ਰਿਹਾ ਹੈ ਕਿਉਂਕਿ ਜਾਂਚ ਵਿੱਚ ਪਾਇਆ ਗਿਆ ਕਿ ਉਨ੍ਹਾਂ ਨੂੰ ਫ਼ੰਡ ਦੇਣ ਵਾਲੇ 12 ਦਾਨੀਆਂ ਨੇ ਪੈਸੇ ਦੇਣ ਦੀ ਸੀਮਾ ਨੂੰ ਪਾਰ ਕਰ ਲਿਆ। ਇਸ ਦੇ ਨਾਲ ਹੀ ਇਸ ਫ਼ੰਡ ਨਾਲ ਜੁੜੇ ਕੁਝ ਖਦਸ਼ੇ ਅਤੇ ਗੜਬੜੀਆਂ ਵੀ ਪਾਰਟੀ ਦੇ ਸਾਹਮਣੇ ਆਈਆਂ। ਰੂਬੀ ਢੱਲਾ ਨੇ ਪਾਰਟੀ ਕਮੇਟੀ ਦੇ ਇਸ ਫੈਸਲੇ ਨੂੰ ਹੈਰਾਨ ਅਤੇ ਨਿਰਾਸ਼ ਕਰਨ ਵਾਲਾ ਦੱਸਿਆ ਹੈ ਅਤੇ ਆਪਣੇ ਉੱਪਰ ਲੱਗੇ ਸਾਰੇ ਇਲਜ਼ਾਮਾਂ ਤੋਂ ਇਨਕਾਰ ਕੀਤਾ ਹੈ। ਉਨ੍ਹਾਂ ਆਪਣੇ ਐਕਸ ਅਕਾਊਂਟ 'ਤੇ ਲਿਖਿਆ, "ਮੈਨੂੰ ਹੁਣੇ-ਹੁਣੇ ਕੈਨੇਡਾ ਦੀ ਲਿਬਰਲ ਪਾਰਟੀ ਵੱਲੋਂ ਸੂਚਿਤ ਕੀਤਾ ਗਿਆ ਹੈ ਕਿ ਮੈਨੂੰ ਲੀਡਰਸ਼ਿਪ ਦੀ ਦੌੜ ਤੋਂ ਅਯੋਗ ਕਰਾਰ ਦਿੱਤਾ ਗਿਆ ਹੈ। ਇਹ ਫੈਸਲਾ ਹੈਰਾਨ ਕਰਨ ਵਾਲਾ ਅਤੇ ਬੇਹੱਦ ਨਿਰਾਸ਼ਾਜਨਕ ਹੈ, ਖਾਸ ਕਰਕੇ ਉਦੋਂ ਤੋਂ ਜਦੋਂ ਤੋਂ ਇਹ ਮੀਡੀਆ ਵਿੱਚ ਲੀਕ ਹੋ ਗਿਆ ਹੈ। ਉਨ੍ਹਾਂ ਅੱਗੇ ਲਿਖਿਆ ਕਿ ਪਾਰਟੀ ਨੇ ਮੇਰੇ ਵਿਰੁੱਧ ਜੋ ਇਲਜ਼ਾਮ ਲਗਾਏ ਹਨ, ਉਹ ਝੂਠੇ ਅਤੇ ਮਨਘੜਤ ਹਨ। ਮੈਨੂੰ ਇਸ ਦੌੜ ਤੋਂ ਹਟਾਉਣ ਲਈ ਵਰਤੀਆਂ ਗਈਆਂ ਚਾਲਾਂ ਸਿਰਫ਼ ਇਹੀ ਸਾਬਿਤ ਕਰਦੀਆਂ ਹਨ ਜੋ ਅਸੀਂ ਪਹਿਲਾਂ ਹੀ ਜਾਣਦੇ ਸੀ - ਸਾਡਾ ਸੁਨੇਹਾ ਗੂੰਜ ਰਿਹਾ ਸੀ, ਅਸੀਂ ਜਿੱਤ ਰਹੇ ਸੀ, ਅਤੇ ਸੰਗਠਨ ਨੂੰ ਖ਼ਤਰਾ ਮਹਿਸੂਸ ਹੋ ਰਿਹਾ ਸੀ। ਇੱਕ ਦਿਨ ਇਹ ਵਿਦੇਸ਼ੀ ਦਖਲਅੰਦਾਜ਼ੀ ਸੀ, ਇੱਕ ਦਿਨ ਇਹ ਮੁਹਿੰਮ ਦੀ ਉਲੰਘਣਾ ਸੀ - ਇਹ ਸਭ ਮੈਨੂੰ ਕਾਰਨੀ ਨਾਲ ਬਹਿਸ ਕਰਨ ਅਤੇ ਜਿੱਤਣ ਤੋਂ ਰੋਕਣ ਦੀ ਕੋਸ਼ਿਸ਼ ਵਿੱਚ ਹੋਇਆ ਹੈ। ਰੂਬੀ ਨੇ ਕਿਹਾ ਕਿ ਮੈਂ ਕੈਨੇਡੀਅਨਾਂ ਲਈ ਖੜ੍ਹੀ ਰਹਾਂਗੀ ਅਤੇ ਕੈਨੇਡਾ ਲਈ ਲੜਾਂਗੀ।" ਆਪਣੇ ਉੱਤੇ ਲੱਗੇ ਇਲਜ਼ਾਮਾਂ ਬਾਰੇ ਉਨ੍ਹਾਂ ਲਿਖਿਆ ਕਿ ਮੇਰੀ ਮੁਹਿੰਮ ਵਿੱਚ, ਪੂਰੇ ਕੈਨੇਡਾ ਤੋਂ ਹਜ਼ਾਰਾਂ ਵਲੰਟੀਅਰ ਸ਼ਾਮਲ ਹੋਏ ਹਨ ਜੋ ਇਤਿਹਾਸ ਦਾ ਹਿੱਸਾ ਬਣਨਾ ਚਾਹੁੰਦੇ ਹਨ।

## ਸੰਯੁਕਤ ਕਿਸਾਨ ਮੋਰਚਾ ਨੇ ਸਾਰੀਆਂ ਫਸਲਾਂ ਦੀ ਸਵਾਮੀਨਾਥਨ ਫਾਰਮੂਲੇ ਤਹਿਤ MSP 'ਤੇ ਖ੍ਰੀਦ ਦਾ ਗਾਰੰਟੀ ਕਾਨੂੰਨ ਬਣਾਉਣ ਦੀ ਕੀਤੀ ਮੰਗ



ਚੰਡੀਗੜ੍ਹ , 22 ਫਰਵਰੀ (ਆਵਾਜ਼ਿ ਕੌਮ ਬਿਊਰੋ)- ਸੰਯੁਕਤ ਕਿਸਾਨ ਮੋਰਚਾ ਦੇ ਪੰਜਾਬ ਚੈਪਟਰ ਨੇ ਐਮਰਜੈਂਸੀ ਆਨਲਾਈਨ ਮੀਟਿੰਗ ਕਰਕੇ ਇੱਕ ਵਾਰ ਮੁੜ ਦੁਹਰਾਇਆ ਹੈ ਕਿ ਐਸ ਕੇ ਐਮ ਸਾਰੀਆਂ ਫਸਲਾਂ ਦੀ ਸਵਾਮੀਨਾਥਨ ਫਾਰਮੂਲੇ ਤਹਿਤ ਐਮ ਐਸ ਪੀ ਤੇ ਖ੍ਰੀਦ ਦੀ ਗਾਰੰਟੀ ਦਾ ਕਾਨੂੰਨ ਦੀ ਮੰਗ ਤੋਂ ਪਿੱਛੇ ਨਹੀ ਹਟੇਗਾ। ਵਰਣਨਯੋਗ ਹੈ ਕਿ ਬੀਤੇ ਦਿਨੀਂ ਸੰਯੁਕਤ ਕਿਸਾਨ ਮੋਰਚਾ ਗੈਰ ਸਿਆਸੀ ਦੇ ਬੁਲਾਰੇ ਅਭਿਮੰਨਿਊ ਕੋਹਾੜ ਦੀ ਇੱਕ ਆਡੀਓ ਵਾਇਰਲ ਹੋਈ ਹੈ ਜਿਸ ਵਿੱਚ ਉਨ੍ਹਾਂ ਨੇ ਕੇਂਦਰ ਸਰਕਾਰ ਨਾਲ ਐਮ ਐਸ ਪੀ ਤੇ ਖ੍ਰੀਦ ਗਾਰੰਟੀ ਕਾਨੂੰਨ ਅਤੇ ਹੋਰ ਕਿਸਾਨ ਮੰਗਾਂ ਨੂੰ ਲੈਕੇ ਚੱਲ ਰਹੀ ਗੱਲਬਾਤ ਦੇ ਸੰਦਰਭ ਵਿੱਚ 25-30% ਦੀ ਅੰਸ਼ਕ ਸਰਕਾਰੀ ਖਰੀਦ ਦਾ ਆਰਥਿਕ ਸਿਧਾਂਤ ਪੇਸ਼ ਕਰਦਿਆਂ ਦਲੀਲ ਦਿੱਤੀ ਹੈ ਕਿ ਇਸ ਢੰਗ ਨਾਲ ਕਿਸਾਨਾਂ ਨੂੰ ਐਮ ਐਸ ਪੀ ਮਿਲ ਜਾਵੇਗਾ।ਸੰਯੁਕਤ ਕਿਸਾਨ ਮੋਰਚਾ ਨੇ ਫਸਲਾਂ ਦੀ 25-30% ਅੰਸ਼ਕ ਸਰਕਾਰੀ ਖਰੀਦ ਦੀ ਗਾਰੰਟੀ ਕਾਨੂੰਨ ਦੀ ਸਾਹਮਣੇ ਆਈ ਇਸ ਕਨਸੋਅ ਨੂੰ ਮੁਢੋ ਸੁਢੋ ਰੱਦ ਕਰਦਿਆਂ ਦੁਹਰਾਇਆ ਹੈ ਕਿ ਐਸ ਕੇ ਐਮ ਸਾਰੀਆਂ ਫਸਲਾਂ ਦੀ ਸਮੁੱਚੀ ਪੈਦਾਵਾਰ ਦਾ ਸਵਾਮੀਨਾਥਨ ਫਾਰਮੂਲੇ ਸੀ2+50% ਨਾਲ ਐਮ ਐਸ ਪੀ ਤੇ ਖ੍ਰੀਦ ਦਾ ਗਾਰੰਟੀ ਕਾਨੂੰਨ ਬਣਾਉਣ ਦੀ ਮੰਗ ਕਰ ਰਿਹਾ ਹੈ ਐਸ ਕੇ ਐਮ ਦੇ ਆਗੂਆਂ ਨੇ ਕੇਂਦਰ ਸਰਕਾਰ ਨਾਲ ਗੱਲਬਾਤ ਕਰ ਰਹੀਆਂ ਕਿਸਾਨ ਜੱਥੇਬੰਦੀਆਂ ਨੂੰ ਇਸ ਸਬੰਧੀ ਸਾਵਧਾਨੀ ਵਰਤਣ ਦੀ ਅਪੀਲ ਕੀਤੀ ਹੈ। ਸੰਯੁਕਤ ਕਿਸਾਨ ਮੋਰਚਾ ਨੇ ਸਪੱਸ਼ਟ ਕੀਤਾ ਹੈ ਕਿ ਕਿਸੇ ਵੀ ਤਰ੍ਹਾਂ ਦੀ ਅੰਸ਼ਕ ਖ੍ਰੀਦ ਦਾ ਸਮਝੌਤਾ ਕਾਰਪੋਰੇਟ ਘਰਾਣਿਆਂ ਦਾ ਪੱਖ ਪੂਰਨ ਵਾਲਾ ਸਮਝੌਤਾ ਹੋਵੇਗਾ। ਸੰਯੁਕਤ ਕਿਸਾਨ ਮੋਰਚਾ ਨੇ ਜ਼ੋਰ ਦੇ ਕੇ ਕਿਹਾ ਹੈ ਕਿ ਪੰਜਾਬ ਅਤੇ ਹਰਿਆਣਾ ਵਿੱਚ ਕਣਕ ਅਤੇ ਝੋਨੇ ਦਾ ਦਾਣਾ ਦਾਣਾ ਸਰਕਾਰ ਵੱਲੋਂ ਐਮ ਐਸ ਪੀ ਤੇ ਖ੍ਰੀਦਣ ਦੀ ਵਿਵਸਥਾ ਕਾਰਨ ਹੀ ਦੋਵੇਂ ਸੂਬਿਆਂ ਦੇ ਕਿਸਾਨਾਂ ਨੂੰ ਐਮ ਐਸ ਪੀ ਮਿਲ ਰਹੀ ਹੈ ਕਿਸੇ ਵੀ ਤਰ੍ਹਾਂ ਦੀ ਅੰਸ਼ਕ ਖ੍ਰੀਦ ਦਾ ਸਮਝੌਤਾ ਕਿਸਾਨ ਵਿਰੋਧੀ ਸਮਝੌਤਾ ਹੋਵੇਗਾ ਜਿਸ ਨੂੰ ਸੰਯੁਕਤ ਕਿਸਾਨ ਮੋਰਚਾ ਅਤੇ ਕਿਸਾਨ ਹਰਗਿਜ਼ ਪ੍ਰਵਾਨ ਨਹੀ ਕਰਨਗੇ।

## ਪੰਜਾਬ ਸਰਕਾਰ ਇਨ ਐਕਸ਼ਨ

## 232 ਲਾਅ ਅਫਸਰਾਂ ਤੋਂ ਮੰਗਿਆ ਅਸਤੀਫਾ

ਚੰਡੀਗੜ੍ਹ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)- ਦਿੱਲੀ ਚੋਣ ਨਤੀਜਿਆਂ ਤੋਂ ਬਾਅਦ, ਪੰਜਾਬ ਸਰਕਾਰ ਐਕਸ਼ਨ ਮੋਡ ਵਿੱਚ ਹੈ। ਵਿਜੀਲੈਂਸ



ਮੁਖੀ ਨੂੰ ਹਟਾਉਣ ਅਤੇ ਮੁਕਤਸਰ ਸਾਹਿਬ ਦੇ ਡੀਸੀ ਨੂੰ ਮੁਅੱਤਲ ਕਰਨ ਤੋਂ ਬਾਅਦ, ਹੁਣ ਸੂਬੇ ਦੇ ਕਾਨੂੰਨ ਅਧਿਕਾਰੀਆਂ ਤੋਂ ਅਸਤੀਫ਼ੇ ਮੰਗੇ ਗਏ ਹਨ। ਲਗਭਗ 232 ਅਧਿਕਾਰੀਆਂ ਤੋਂ ਅਸਤੀਫ਼ਾ ਮੰਗਿਆ ਗਿਆ ਹੈ। ਇਨ੍ਹਾਂ ਸਾਰੇ ਕਾਨੂੰਨ ਅਧਿਕਾਰੀਆਂ ਨੂੰ ਹਾਈ ਕੋਰਟ, ਸੁਪਰੀਮ ਕੋਰਟ ਅਤੇ ਟ੍ਰਿਬਿਊਨਲਾਂ ਵਿੱਚ ਰਾਜ ਦੀ ਨੁਮਾਇੰਦਗੀ ਕਰਨ ਲਈ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ, ਸਰਕਾਰ ਨੇ 7 ਦਿਨਾਂ ਵਿੱਚ ਹੁਣ ਤੱਕ ਪੰਜ ਵੱਡੇ ਫੈਸਲੇ ਲਏ ਹਨ। ਹਾਲਾਂਕਿ, ਇਸ ਸਬੰਧ ਵਿੱਚ ਪੰਜਾਬ ਦੇ ਐਡਵੋਕੇਟ ਜਨਰਲ (ਏਜੀ) ਗੁਰਮਿੰਦਰ ਸਿੰਘ ਦਾ ਕਹਿਣਾ ਹੈ ਕਿ ਇਹ ਸਭ ਇੱਕ ਨਿਸ਼ਚਿਤ ਪ੍ਰਕਿਰਿਆ ਦਾ ਹਿੱਸਾ ਹੈ।ਕਿਉਂਕਿ ਇਹ ਅਧਿਕਾਰੀ ਇੱਕ ਸਾਲ ਲਈ ਨਿਯੁਕਤ ਕੀਤੇ ਜਾਂਦੇ ਹਨ। ਉਨ੍ਹਾਂ ਦੀ ਨਿਯੁਕਤੀ ਵੀ ਫਰਵਰੀ ਮਹੀਨੇ ਵਿੱਚ ਖਤਮ ਹੋ ਰਹੀ ਹੈ।ਸਰਕਾਰ ਦਾ ਉਦੇਸ਼ ਦਫ਼ਤਰ ਦੇ ਕੰਮਕਾਜ ਨੂੰ ਸੰਗਠਿਤ ਅਤੇ ਮਜ਼ਬੂਤ ? ?ਕਰਨਾ ਹੈ। ਤਾਂ ਜੋ ਪੰਜਾਬ ਦੇ ਨਾਗਰਿਕਾਂ ਦੇ ਹਿੱਤਾਂ ਨੂੰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ। ਇਹ ਪ੍ਰਕਿਰਿਆਤਮਕ ਕਦਮ ਕਾਨੂੰਨ ਅਧਿਕਾਰੀਆਂ ਦੀ ਮੁੜ ਨਿਯੁਕਤੀ ਦੀ ਸਹੂਲਤ ਅਤੇ ਕਾਨੂੰਨੀ ਪ੍ਰਤੀਨਿਧਤਾ ਵਿੱਚ ਨਿਰੰਤਰਤਾ ਨੂੰ ਯਕੀਨੀ ਬਣਾਉਣ ਲਈ ਚੁੱਕਿਆ ਗਿਆ ਹੈ।

## ਦਿੱਲੀ ਚੋਣਾਂ ਤੋਂ ਬਾਅਦ ਸਰਕਾਰ ਦੇ ਪੰਜ ਵੱਡੇ ਫੈਸਲੇ

14 ਫਰਵਰੀ - ਭ੍ਰਿਸ਼ਟਾਚਾਰ ਨੂੰ ਰੋਕਣ ਲਈ ਸਰਕਾਰ ਨੇ ਡੀਸੀ, ਐਸਡੀਐਮ, ਐਸਐਸਪੀ ਅਤੇ ਐਸਐਚਓ ਨੂੰ ਭ੍ਰਿਸ਼ਟਾਚਾਰ ਰੋਕਣ ਦੇ ਹੁਕਮ ਦਿੱਤੇ ਸਨ ਨਹੀਂ ਤਾਂ ਉਨ੍ਹਾਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। 17 ਫਰਵਰੀ - ਸਰਕਾਰ ਨੇ ਪਹਿਲਾਂ ਪੰਜਾਬ ਵਿਜੀਲੈਂਸ ਦੇ ਮੁਖੀ ਵਿਸ਼ੇਸ਼ ਡੀਜੀਪੀ ਵਰਿੰਦਰ ਕੁਮਾਰ ਨੂੰ ਹਟਾ ਦਿੱਤਾ ਅਤੇ ਉਨ੍ਹਾਂ ਦੀ ਥਾਂ 'ਤੇ ਏਡੀਜੀਪੀ ਜੀ ਨਾਗੇਸ਼ਵ ਏਡੀਜੀਪੀ ਜੀ ਨਾਗੇ ਨੂੰ ਜ਼ਿੰਮੇਵਾਰੀ ਸੌਂਪੀ।ਉਸੇ ਦਿਨ, ਭ੍ਰਿਸ਼ਟਾਚਾਰ ਦਾ ਪਤਾ ਲੱਗਣ ਤੋਂ ਬਾਅਦ ਮੁਕਤਸਰ ਸਾਹਿਬ ਦੇ ਡੀਸੀ ਨੂੰ ਮੁਅੱਤਲ ਕਰ ਦਿੱਤਾ ਗਿਆ।ਨਾਲ ਹੀ ਉਸ ਵਿਰੁੱਧ ਵਿਜੀਲੈਂਸ ਜਾਂਚ ਸ਼ੁਰੂ ਕਰਨ ਦੇ ਹੁਕਮ ਦਿੱਤੇ ਗਏ ਹਨ। 19 ਫਰਵਰੀ - ਪੰਜਾਬ ਸਰਕਾਰ ਦੁਆਰਾ ਭ੍ਰਿਸ਼ਟਾਚਾਰ ਵਿੱਚ ਸ਼ਾਮਲ 52 ਪੁਲਿਸ ਕਰਮਚਾਰੀਆਂ ਨੂੰ ਬਰਖਾਸਤ ਕਰ ਦਿੱਤਾ ਗਿਆ। ਇਹ ਸਾਰੇ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿੱਚ ਸ਼ਾਮਲ ਸਨ। 21 ਫਰਵਰੀ - ਸਰਕਾਰ ਨੇ 21 ਆਈਪੀਐਸ ਅਧਿਕਾਰੀਆਂ ਦੇ ਤਬਾਦਲੇ ਕੀਤੇ। ਇਨ੍ਹਾਂ ਵਿੱਚ ਨੌਂ ਜ਼ਿਲ੍ਹਿਆਂ ਦੇ ਐਸਐਸਪੀ ਸ਼ਾਮਲ ਸਨ। 21 ਫਰਵਰੀ - ਪੰਜਾਬ ਸਰਕਾਰ ਦੁਆਰਾ ਪ੍ਰਸ਼ਾਸਕੀ ਸੁਧਾਰ ਵਿਭਾਗ ਨੂੰ ਖਤਮ ਕਰ ਦਿੱਤਾ ਗਿਆ।

# AWAZE QAUM TOUR & TRAVEL UK &
## SINCH TRAVEL CANADA JATHA

15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ – YATRA SEWA SINCE 2010

# YATRA NANKANA SAHIB

WE WILL ALSO BE VISITING 25+ GURDWARA'S AND HISTORICAL PLACES

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS









### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

Yatra Booking, Please contact:

## RAGHBIR SINGH

Tel: +44 7976 210161

### YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

CANADA. +1 647-231-1600 - USA. +1 716-342-6007

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net





ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

### ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੀ 400 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ

# ਸਲਾਨਾ ਗੁਰਮਤਿ ਸਮਾਗਮ

## 21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ

ਸਥਾਨ - ਗੁਰਦੁਆਰਾ ਸ਼੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ) ਵਿਖੇ

**ਮਹਾਨ ਨਗਰ ਕੀਰਤਨ**
ਮਿਤੀ 22 ਫਰਵਰੀ 2025
ਸਵੇਰੇ 10 ਤੋਂ ਸ਼ਾਮ 5 ਵਜੇ ਤੱਕ

**ਅਨੰਦ ਕਾਰਜ ਅਤੇ ਗੁਰਮਤਿ ਸਮਾਗਮ**
ਮਿਤੀ 23 ਫਰਵਰੀ 2025
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ

LIVE ON
Akaal
CHARDIKLA TIME TV
Mr. Singh Production
ਆਵਾਜ਼ਿ ਕੌਮ AWAZE QAUM TV
YouTube
Jathedar Baljit Singh Khalsa Daduwal

ਪ੍ਰਸਿੱਧ ਸਮਾਜਸੇਵੀ ਹਰਵਿੰਦਰ ਸਿੰਘ ਹੈਰੀ ਘੁਮਾਣ USA, ਸ੍ਰੀ ਗੌਰਵ ਧੀਮਾਨ ਰਾਜਪੁਰਾ, ਅਟਾਰਨੀ ਸ਼ੁਬੇਗ ਸਿੰਘ ਮੁਲਤਾਨੀ USA, ਸ. ਸੁਖਦੀਪ ਸਿੰਘ ਓਬਰਾਏ ਚੰਡੀਗੜ, ਜਥੇਦਾਰ ਚਰਨ ਸਿੰਘ ਪ੍ਰੇਮਪੁਰਾ USA,ਪਦਮ ਸ੍ਰੀ ਜਗਜੀਤ ਸਿੰਘ ਦਰਦੀ ਚੜਦੀਕਲਾ ਗਰੁੱਪ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ।

ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ

ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਸੰਪਰਕ ਨੰ: 93560-60960, 93560-60953



ਬੇਨਤੀ ਕਰਤਾ -
**ਜਥੇਦਾਰ ਬਲਜੀਤ ਸਿੰਘ ਦਾਦੂਵਾਲ**
ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸੱਟ
ਚੇਅਰਮੈਨ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ




# ਸ. ਇਮਾਨ ਸਿੰਘ ਮਾਨ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਮਨਾਇਆ ਗਿਆ ਪੰਜਾਬੀ ਮਾਂ ਬੋਲੀ ਦਿਵਸ







ਅੰਮ੍ਰਿਤਸਰ, 22 ਫਰਵਰੀ (ਰਸ਼ਿਪੰਦਰ ਕੌਰ ਗਿੱਲ)– ਅੰਮ੍ਰਿਤਸਰ ਵਿਖੇ 21 ਫਰਵਰੀ ਨੂੰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਕਾਰਜਕਰੀ ਪ੍ਰਧਾਨ ਸ. ਇਮਾਨ ਸਿੰਘ ਮਾਨ ਅਤੇ ਜਨਰਲ ਸਕੱਤਰ ਉਪਕਾਰ ਸਿੰਘ ਸੰਧੂ ਦੀ ਅਗਵਾਈ ਹੇਠ ਪ੍ਰੈਸ ਕਲੱਬ ਨਿਊ ਅੰਮ੍ਰਿਤਸਰ ਵਿਖੇ ਪੰਜਾਬੀ ਮਾਂ ਬੋਲੀ ਦਿਵਸ ਮਨਾਇਆ ਗਿਆ। ਜਿਸ ਵਿੱਚ ਵਿਸ਼ੇਸ਼ ਸੈਮੀਨਾਰ ਆਯੋਜਿਤ ਕੀਤਾ ਗਿਆ। ਸੈਮੀਨਾਰ ਦੌਰਾਨ ਡਾਕਟਰ ਸੁਖਪ੍ਰੀਤ ਸਿੰਘ ਉਦੋਕੇ, ਭਾਈ ਬਲਜੀਤ ਸਿੰਘ ਖਾਲਸਾ, ਪ੍ਰਿੰਸੀਪਲ ਦੇਵਰਾਜ ਸਿੰਘ, ਪ੍ਰੋਫੈਸਰ ਸੁਖਵਿੰਦਰ ਸਿੰਘ, ਜੁਝਾਰ ਸਿੰਘ (ਸੱਥ) ਸੰਗਤਾਂ ਨੂੰ ਸੰਬੋਧਨ ਹੋਏ। ਗੱਲਬਾਤ ਦੌਰਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਕਾਰਜਕਾਰੀ ਪ੍ਰਧਾਨ ਸ. ਇਮਾਨ ਸਿੰਘ ਮਾਨ ਨੇ ਦੱਸਿਆ ਕਿ ਬਾਬਾ ਫਰੀਦ ਜੀ ਅਤੇ ਗੁਰੂ ਸਾਹਿਬਾਨਾਂ ਨੇ ਸਾਨੂੰ ਵੱਖਰੀ ਭਾਸ਼ਾ ਮਾਂ ਬੋਲੀ ਪੰਜਾਬੀ ਦੇ ਕੇ ਸਾਨੂੰ ਵੱਖਰੇ ਰਹਿਣ ਦਾ ਢੰਗ ਤਰੀਕਾ ਦੱਸਿਆ ਹੈ ਅਤੇ ਸਾਨੂੰ ਬਹੁਤ ਹੀ ਅਮੀਰ ਲਿੱਪੀ ਬਖਸ਼ਿਸ਼ ਕੀਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਉਹਨਾਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਅੱਜ ਵਿਸ਼ੇਸ਼ ਸੈਮੀਨਾਰ ਅੰਮ੍ਰਿਤਸਰ ਵਿੱਚ ਕਰਵਾਇਆ ਜਾ ਰਿਹਾ ਹੈ। ਇਸ ਤੋਂ ਬਾਅਦ 24 ਫਰਵਰੀ ਨੂੰ ਸ੍ਰੀ ਖਡੂਰ ਸਾਹਿਬ ਵਿਖੇ ਵੱਡੇ ਪੱਧਰ ਤੇ ਇਹ ਵਿਸ਼ਵ ਪੰਜਾਬੀ ਦਿਹਾੜਾ ਮਨਾਇਆ ਜਾਵੇਗਾ। ਉਹਨਾਂ ਨੇ ਦੱਸਿਆ ਕਿ ਇਹਨਾਂ ਸੈਮੀਨਾਰਾਂ ਦਾ ਸੁਨੇਹਾ ਇਹ ਹੈ ਕਿ ਆਪਣੀ ਪੰਜਾਬੀ ਮਾਂ ਬੋਲੀ ਦੀ ਸੰਭਾਲ ਕਰੀਏ। ਇਸ ਮੌਕੇ ਹਰਪਾਲ ਸਿੰਘ ਬਲੇਰ, ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਭਾਈ ਸਰਦੂਲ ਸਿੰਘ ਚੀਮਾ, ਜਸਬੀਰ ਸਿੰਘ ਬਚੜੇ, ਹਰਜੀਤ ਸਿੰਘ ਮੀਆਂਪੁਰ, ਬੀਬੀ ਬਲਵਿੰਦਰ ਕੌਰ, ਸ਼ਮਸ਼ੇਰ ਸਿੰਘ ਬਰਾੜ, ਕੁਲਵੰਤ ਸਿੰਘ ਮਝੈਲ, ਅਮਰੀਕ ਸਿੰਘ ਨੰਗਲ, ਤਰਲੋਕ ਸਿੰਘ ਬਿੱਟਾ, ਬੀਬੀ ਰਸ਼ਿਪੰਦਰ ਕੌਰ, ਲਵਪ੍ਰੀਤ ਸਿੰਘ ਤੂਫਾਨ, ਬਲਵਿੰਦਰ ਸਿੰਘ ਕਾਲਾ, ਬੀਬੀ ਕੁਲਵਿੰਦਰ ਕੌਰ, ਜਸਵਿੰਦਰ ਸਿੰਘ ਕਥਾਵਾਚਕ, ਕੁਲਵੰਤ ਸਿੰਘ ਕੋਟਲਾ, ਹਰਮਨਦੀਪ ਸਿੰਘ ਸੁਲਤਾਨਵਿੰਡ, ਰਵੀਸ਼ੇਰ ਸਿੰਘ, ਹਰਸਿਮਰਨ ਸਿੰਘ ਅਤੇ ਮਨਪ੍ਰੀਤ ਸਿੰਘ ਅਜ਼ਾਦ ਤੇ ਹੋਰ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਬਹੁਤ ਹੀ ਸੰਜੀਦਗੀ ਨਾਲ 2027 ਦੀਆਂ ਚੋਣਾਂ ਨੂੰ ਮੁੱਖ ਰੱਖ ਕੇ ਅੱਗੇ ਵੱਧ ਰਹੀ ਹੈ



ਅੰਮ੍ਰਿਤਸਰ, 22 ਫਰਵਰੀ (ਰਸ਼ਿਪੰਦਰ ਕੌਰ ਗਿੱਲ)– ਮਾਂ ਬੋਲੀ ਦਿਵਸ ਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਵੱਲੋਂ ਮਾਂ ਬੋਲੀ ਪੰਜਾਬੀ ਨੂੰ ਸਮਰਪਿਤ ਸੈਮੀਨਾਰ ਅੰਮ੍ਰਿਤਸਰ ਵਿਖੇ ਪ੍ਰੈੱਸ ਕਲੱਬ ਵਿਖੇ ਕਰਵਾਇਆ ਗਿਆ। ਇਸ ਸੈਮੀਨਾਰ ਦਾ ਮਕਸੱਦ ਇਹ ਸੀ ਕਿ ਪਾਰਟੀ ਜਿੱਥੇ ਪੰਥਕ ਅਤੇ ਸਿਆਸੀ ਮੁੱਦਿਆਂ ਉੱਤੇ ਖੁੱਲ ਕੇ ਆਪਣੇ ਵਿਚਾਰ ਰੱਖਦੀ ਹੈ ਅਤੇ ਲੋਕ ਹਿੱਤਾਂ ਲਈ ਅਵਾਜ਼ ਬੁਲੰਦ ਕਰਦੀ ਹੈ ਉੱਥੇ ਹੀ ਪਾਰਟੀ ਸਮਾਜਿਕ ਮੁੱਦਿਆਂ ਉੱਤੇ ਵੀ ਆਪਣੀ ਤਵੱਜੋ ਦੇ ਕੇ ਪੰਜਾਬ ਦੇ ਵਿਰਸੇ ਅਤੇ ਸੱਭਿਆਚਾਰ ਨੂੰ ਬਚਾਉਣ ਦੀ ਲਹਿਰ ਵਿੱਚ ਆਪਣਾ ਯੋਗਦਾਨ ਪਾ ਸਕੇ। ਪਾਰਟੀ ਦੇ ਸਾਰੇ ਮੈਂਬਰਾਂ ਨੇ ਇਸ ਸੈਮੀਨਾਰ ਵਿੱਚ ਸ਼ਮੂਲੀਅਤ ਕਰਕੇ ਉੱਘੇ ਬੁਲਾਰਿਆਂ ਦੇ ਵਿਚਾਰ ਸੁਣੇ। ਇਸ ਮੌਕੇ ਤੇ ਪਾਰਟੀ ਦੇ ਅਹੁੱਦੇਦਾਰਾਂ ਨੇ ਆਉਣ ਵਾਲੇ ਸਮੇਂ ਵਿੱਚ ਸਮਾਜਿਕ ਪੱਧਰ ਤੇ ਕੀਤੇ ਜਾ ਸਕਣ ਵਾਲੇ ਹੋਰ ਵੀ ਕਾਰਜ ਉਲੀਕੇ। ਜਿਸ ਵਿੱਚ ਅੱਖਾਂ ਦੇ ਚੈੱਕ-ਐਪ ਕੈਂਪ ਅਤੇ ਖ਼ੂਨ ਦਾਨ ਕੈਂਪ ਲਗਾਉਣ ਬਾਰੇ ਯੋਜਨਾ ਕੀਤੀ ਗਈ। ਆਮ ਜਨਤਾ ਲਈ ਕਿਸੇ ਵੀ ਤਰਾਂ ਦੇ ਦਫ਼ਤਰੀ ਦਸਤਾਵੇਜ਼ ਨੂੰ ਬਣਾਉਣ ਜਾਂ ਹਾਂਸਿਲ ਕਰਣ ਨੂੰ ਸੁਖਾਲਾ ਬਣਾਉਣ ਲਈ ਸਹਾਇਤਾ ਟੀਮ ਗਠਿਤ ਕਰਣ ਦੀ ਯੋਜਨਾ ਕੀਤੀ ਗਈ। ਪਾਰਟੀ ਦੇ ਵਿਸਥਾਰ ਲਈ ਜ਼ਿਲਾ ਅੰਮ੍ਰਿਤਸਰ ਅਤੇ ਜ਼ਿਲਾ ਤਰਨਤਾਰਨ ਵਿਖੇ ਪਾਰਟੀ ਦੀ ਮੈਂਬਰਸ਼ਿੱਪ ਲੈਣ ਲਈ ਫਾਰਮ ਭਰਣ ਦੀ ਮੁਹਿੰਮ ਨੂੰ ਤੇਜ਼ ਕਰਣ ਲਈ ਵੱਖ-ਵੱਖ ਜਗ੍ਹਾ ਨਿਰਧਾਰਿਤ ਕਰਕੇ ਮੈਂਬਰਾਂ ਨੂੰ ਜਿੰਮੇਵਾਰੀਆਂ ਦਿੱਤੀਆਂ ਗਈਆਂ। ਇਸ ਮੌਕੇ ਪਾਰਟੀ ਦੇ ਸਾਰੇ ਮੌਜੂਦਾ ਮੈਂਬਰਾਂ ਨੇ ਫੈਸਲਾ ਕੀਤਾ ਕਿ ਜਲਦ ਹੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਮੈਂਬਰਾਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਦੇ ਕੇ ਪਾਰਟੀ ਦੇ ਵਿਕਾਸ ਲਈ ਪੰਜਾਬ ਦੇ ਹਰ ਜਿਲੇ ਵਿੱਚ ਕਾਰਜ ਕੀਤੇ ਜਾਣ। ਤਾਂ ਜੋ 2027 ਵਿੱਚ ਆਉਣ ਵਾਲੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਪੰਜਾਬ ਦੇ ਵਿੱਚ ਨਵੇਂ ਸਿਆਸੀ ਚਹਿਰੇ ਲੈ ਕੇ ਇੱਕ ਧਾਕੜ ਜਿੱਤ ਆਪਣੇ ਨਾਮ ਕਰੇਗੀ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਬਹੁਤ ਹੀ ਸੰਜੀਦਗੀ ਨਾਲ 2027 ਦੀਆਂ ਚੋਣਾਂ ਨੂੰ ਮੁੱਖ ਰੱਖ ਕੇ ਅੱਗੇ ਵੱਧ ਰਹੀ ਹੈ ਅਤੇ ਪੰਜਾਬ ਦੀ ਜਨਤਾ ਨੂੰ ਪੜੇ ਲਿਖੇ, ਸੂਝਵਾਨ ਅਤੇ ਮਿਹਨਤੀ ਨੌਜਵਾਨ ਆਗੂ 2027 ਵਿੱਚ ਲੀਡਰ ਵਜੋਂ ਦੇਣ ਲਈ ਵਚਨਬੱਧ ਹੈ। ਇਸ ਸਮੇਂ ਪਾਰਟੀ ਦੇ ਹੋਣਹਾਰ ਆਗੂ ਰਵੀਸ਼ੇਰ ਸਿੰਘ, ਸਿਮਰਨਜੀਤ ਸਿੰਘ, ਹਰਮਨਦੀਪ ਸਿੰਘ ਸ਼ਹਿਰੀ ਪ੍ਰਧਾਨ ਅੰਮ੍ਰਿਤਸਰ, ਰਸ਼ਿਪੰਦਰ ਕੌਰ ਗਿੱਲ ਜਨਰਲ ਸਕੱਤਰ ਪੰਜਾਬ ਇਸਤਰੀ ਵਿੰਗ, ਜਸਬੀਰ ਸਿੰਘ ਬੱਚੜੇ ਜਥੇਬੰਧਕ ਸਕੱਤਰ ਮਾਝਾ ਜੋਨ, ਹਰਜੀਤ ਸਿੰਘ ਮਿਆਂਪੁਰ ਜ਼ਿਲਾ ਪ੍ਰਧਾਨ ਤਰਨਤਾਰਨ ਅਤੇ ਤਰਲੋਕ ਸਿੰਘ ਬਿੱਟੂ ਜੀ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ।

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਬੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV




# Pakistan Gurdwara Yatra

**28th October to 7th November 2025**
**Yatra Includes 25+ Gurudwara Sahib Darshan.**
**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- **ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall**
  +447976210161
- **ਭਾਈ ਬਲਜੀਤ ਸਿਘ ਕੰਗ/Bhai Baljit Singh Kang**
  +44 7780 605230
- **ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)**
  +44 7568 517223

# ਇੱਕ ਨਜ਼ਰ . . .

## ਗੁਰਦੁਆਰਾ ਦਾਦੂ ਸਾਹਿਬ ਵਿਖੇ ਸਲਾਨਾ ਸਮਾਗਮ ਦੇ ਸ੍ਰੀ ਅਖੰਡ ਪਾਠ ਸਾਹਿਬ ਹੋਏ ਆਰੰਭ

### 23 ਫਰਵਰੀ ਨੂੰ 21 ਲੋੜਵੰਦ ਜੋੜਿਆਂ ਦੇ ਹੋਣਗੇ ਵਿਆਹ

**ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ**

ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਜ਼ਿਲਾ ਸਿਰਸਾ ਹਰਿਆਣਾ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਵਿੱਚ ਸੁੱਖ ਸੇਵਾ ਸਿਮਰਨ ਟਰਸੱਟ (ਰਜ਼ਿ) ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਸਲਾਨਾ ਸਮਾਗਮ ਬੜੀ ਚੜਦੀਕਲਾ ਨਾਲ ਕੀਤੇ ਜਾਂਦੇ ਹਨ ਜਿਸ ਵਿੱਚ ਗੁਰਬਾਣੀ ਕਥਾ ਕੀਰਤਨ,ਨਗਰ ਕੀਰਤਨ ਤੋਂ ਇਲਾਵਾ ਲੋੜਵੰਦ ਪ੍ਰੀਵਾਰਾਂ ਦੇ ਸਮੂਹਿਕ ਅਨੰਦ ਕਾਰਜ ਕਰਵਾਏ ਜਾਂਦੇ ਹਨ ਜਥੇਦਾਰ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕੇ ਸਲਾਨਾ ਸਮਾਗਮ ਦੀ ਸ਼ੁਰੂਆਤ ਧੁਰ ਕੀ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਕੇ ਅੱਜ ਕੀਤੀ ਗਈ ਜਿਨਾਂ ਦੇ ਭੋਗ 22 ਫਰਵਰੀ ਨੂੰ ਸਵੇਰੇ 10 ਵਜੇ ਪਾਏ ਜਾਣਗੇ ਉਪਰੰਤ ਮਹਾਨ ਨਗਰ ਕੀਰਤਨ ਹੋਵੇਗਾ ਅਤੇ 23 ਫਰਵਰੀ ਨੂੰ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ 21 ਸੁਭਾਗੇ ਜੋੜਿਆਂ ਦੇ ਅਨੰਦ ਕਾਰਜ ਕੀਤੇ ਜਾਣਗੇ ਜਿਨਾਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ ਸੰਤ ਮਹਾਂਪੁਰਸ਼ ਪੰਥਕ ਆਗੂ ਸਾਹਿਬਾਨ ਸੰਗਤਾਂ ਦੇ ਦਰਸ਼ਨ ਦੀਦਾਰ ਕਰਨਗੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ਇਨਾਂ ਸਮਾਗਮਾਂ ਵਿੱਚ ਦੇਸ਼ ਵਿਦੇਸ਼ ਤੋਂ ਸ਼ਰਧਾਲੂ ਸੰਗਤਾਂ ਸਮੂਲੀਅਤ ਕਰਨਗੀਆਂ।



## ਖਾਲਸਾ ਕਾਲਜ ਅਤੇ ਕਾਲਜੀਏਟ ਮਹਿਤਾ ਵਿਖੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ



ਚੌਂਕ ਮਹਿਤਾ, 22 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ ) -ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਅਤੇ ਕਾਲਜੀਏਟ ਵਿਖੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ। ਜਿਸ ਵਿੱਚ ਕਾਲਜ ਤੇ ਕਾਲਜੀਏਟ ਦੇ ਸਾਰੇ ਵਿਦਿਆਰਥੀਆਂ ਨੇ ਅਨੁਸ਼ਾਸਨ ਵਿੱਚ ਰਹਿ ਕੇ ਇਸ ਦਾ ਆਨੰਦ ਮਾਣਿਆ। ਬੱਚਿਆਂ ਦੇ ਚਾਅ ਅਤੇ ਉਤਸ਼ਾਹ ਕਰਕੇ ਇਸ ਪ੍ਰੋਗਰਾਮ ਨੂੰ ਸਫ਼ਲਤਾ ਮਿਲੀ। ਇਸ ਦੌਰਾਨ ਸਕੂਲ ਦੀਆਂ ਜੂਨੀਅਰ ਜਮਾਤਾਂ ਦੇ ਬੱਚਿਆ ਨੇ ਆਪਣੇ ਸੀਨੀਅਰ ਸਹਿਯੋਗੀਆਂ ਲਈ ਵਿਸ਼ੇਸ਼ ਤੌਰ ਤੇ ਕੀਰਤਨ ਕਰਕੇ ਉਹਨਾਂ ਦੇ ਆਉਣ ਵਾਲੇ ਭਵਿੱਖ ਲਈ ਅਰਦਾਸਾਂ ਬੇਨਤੀਆਂ ਕੀਤੀਆਂ। ਭਾਸ਼ਣ, ਕਵਿਤਾਵਾਂ ਅਤੇ ਨਿੱਕੇ ਨਿੱਕੇ ਚੁਟਕਲਿਆਂ ਨੇ ਸਾਰੇ ਮਾਹੌਲ ਵਿੱਚ ਮਿੱਠਾ ਰਸ ਭਰ ਦਿੱਤਾ। ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਵਿਦਾਇਗੀ ਦਿੰਦਿਆਂ ਵਿਦਿਆਰਥੀਆਂ ਨੂੰ ਸਿੱਖਿਆ ਦੀ ਅਹਿਮੀਅਤ ਸਮਝਾਈ ਅਤੇ ਆਉਣ ਵਾਲੇ ਭਵਿੱਖ ਵਿੱਚ ਵਿਚਰਨ ਲਈ ਤਜਰਬੇਕਾਰ ਗੱਲਾਂ ਦੱਸੀਆਂ। ਉਹਨਾਂ ਨੂੰ ਪ੍ਰੀਖਿਆਵਾਂ ਲਈ ਕਠਿਨ ਮਿਹਨਤ ਕਰਕੇ ਚੰਗੇ ਅੰਕ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।ਇਸ ਉਪਰੰਤ ਮੌਕੇ ਤੇ ਮੌਜੂਦ ਪ੍ਰਿੰਸੀਪਲ ਡਾ: ਜਤਿੰਦਰ ਸ਼ਰਮਾ ਜੀ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋ ਬਾਅਦ ਸ: ਸੁਖਦੇਵ ਸਿੰਘ ਨੇ ਕਾਲਜ ਦੇ ਪ੍ਰਿੰਸੀਪਲ ਸ: ਗੁਰਦੀਪ ਸਿੰਘ ਰੰਧਾਵਾ ,ਸਕੂਲ ਦੇ ਪ੍ਰਿੰਸੀਪਲ ਡਾ ਜਤਿੰਦਰ ਸ਼ਰਮਾ, ਸਮੂਹ ਅਧਿਆਪਕ ਸਾਹਿਬਾਨਾਂ, ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਅਤੇ ਨਾਲ ਹੀ ਵਿਦਿਆਰਥੀਆਂ ਨੂੰ ਦਿਨ ਦੁੱਗਣੀ ਰਾਤ ਚੌਗੁਣੀ ਤਰੱਕੀ ਕਰਨ ਅਤੇ ਬੁਲੰਦੀਆਂ ਹਾਸਿਲ ਕਰਨ ਲਈ ਦੁਆਵਾਂ ਦਿੱਤੀਆਂ।

## ਮੁੱਖ ਮੰਤਰੀ ਨੇ ਸੜਕ ਸੁਰੱਖਿਆ ਫੋਰਸ ਦੇ ਸ਼ਹੀਦ ਕਾਂਸਟੇਬਲ ਦੇ ਪਰਿਵਾਰ ਨੂੰ ਇਕ ਕਰੋੜ ਰੁਪਏ ਦਾ ਚੈੱਕ ਸੌਂਪਿਆ



ਭਵਾਨੀਗੜ੍ਹ, 22 ਫਰਵਰੀ (ਰਣਜੀਤ ਸਿੰਘ ਪੇਧਨੀ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕੁਝ ਦਿਨ ਪਹਿਲਾਂ ਡਿਊਟੀ ਦੌਰਾਨ ਸ਼ਹੀਦ ਹੋਏ ਪੰਜਾਬ ਪੁਲਿਸ ਦੇ ਕਾਂਸਟੇਬਲ ਹਰਸ਼ਵੀਰ ਸਿੰਘ ਦੀ ਮੌਤ 'ਤੇ ਦੁੱਖ ਪ੍ਰਗਟ ਕਰਦੇ ਹੋਏ ਅੱਜ ਦੇਸ਼ ਲਈ ਉਸ ਦੀ ਕੁਰਬਾਨੀ ਦੇ ਸਤਿਕਾਰ ਵਜੋਂ ਸ਼ਹੀਦ ਦੇ ਪਰਿਵਾਰ ਨੂੰ ਇਕ ਕਰੋੜ ਰੁਪਏ ਦਾ ਚੈੱਕ ਸੌਂਪਿਆ। ਮੁੱਖ ਮੰਤਰੀ ਨੇ ਕਿਹਾ ਕਿ ਕਾਂਸਟੇਬਲ ਹਰਸ਼ਵੀਰ ਸਿੰਘ ਨੇ ਸੜਕ ਸੁਰਖਿਆ ਫੋਰਸ ਵਿੱਚ ਆਪਣੀ ਡਿਊਟੀ ਨਿਭਾਉਂਦੇ ਹੋਏ ਸ਼ਹੀਦੀ ਪ੍ਰਾਪਤ ਕੀਤੀ ਸੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਇਕ ਕਰੋੜ ਰੁਪਏ ਐਕਸ-ਗ੍ਰੇਸ਼ੀਆ ਵਜੋਂ ਦਿੱਤੇ ਗਏ ਹਨ ਜਦੋਂ ਕਿ ਬੀਮਾ ਕਵਰ ਵਜੋਂ ਇਕ ਕਰੋੜ ਰੁਪਏ ਦੀ ਹੋਰ ਅਦਾਇਗੀ ਐਚ.ਡੀ.ਐਫ.ਸੀ. ਬੈਂਕ ਵੱਲੋਂ ਕੀਤੀ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਨਿਮਾਣੀ ਪਹਿਲ ਸੂਬੇ ਵਿੱਚ ਆਪਣੀ ਡਿਊਟੀ ਨਿਭਾਉਣ ਵਿੱਚ ਮਹਾਨ ਸਪੂਤ ਦੇ ਅਥਾਹ ਯੋਗਦਾਨ ਪ੍ਰਤੀ ਸਤਿਕਾਰ ਨੂੰ ਦਰਸਾਉਂਦੀ ਹੈ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵਤਨ ਦੀ ਖਾਤਰ ਆਪਣੀ ਜਾਨ ਕੁਰਬਾਨ ਕਰਨ ਵਾਲੇ ਸੈਨਿਕਾਂ ਦੇ ਪਰਿਵਾਰਾਂ ਦੀ ਮਦਦ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸ਼ਹੀਦ ਹਰਸ਼ਵੀਰ ਸਿੰਘ ਦੇ ਪਰਿਵਾਰ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਸੂਬਾ ਸਰਕਾਰ ਦੀ ਸੈਨਿਕਾਂ (ਹਥਿਆਰਬੰਦ ਸੈਨਾਵਾਂ, ਅਰਧ ਸੈਨਿਕਾਂ ਅਤੇ ਪੁਲਿਸ) ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਦੀ ਸੰਜੀਦਗੀ ਦਾ ਪ੍ਰਗਟਾਵਾ ਕਰਦਾ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਸੂਬੇ ਦਾ ਇਹ ਨਿਮਾਣਾ ਜਿਹਾ ਉਪਰਾਲਾ ਇਕ ਪਾਸੇ ਪੀੜਤ ਪਰਿਵਾਰ ਦੀ ਮਦਦ ਕਰਨ ਵਿੱਚ ਅਤੇ ਦੂਜੇ ਪਾਸੇ ਉਨ੍ਹਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਵਿੱਚ ਸਹਾਈ ਸਿੱਧ ਹੋਵੇਗਾ।

### ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੌਜੂਦਾ ਪੰਥਕ ਹਾਲਾਤਾਂ 'ਤੇ

# ਗੁਰਦੁਆਰਾ ਰਕਾਬ ਗੰਜ ਸਾਹਿਬ ਦਿੱਲੀ ਭਾਈ ਲੱਖੀ ਸਾਹ ਵਣਜਾਰਾ ਦੀਵਾਨ ਹਾਲ ਵਿਖੇ ਕਰਵਾਈ ਗਈ ਆਲ ਇੰਡੀਆ ਪੰਥਕ ਕਨਵੈਂਸ਼ਨ



















ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੌਜੂਦਾ ਪੰਥਕ ਹਾਲਾਤਾਂ ਉੱਤੇ ਅੱਜ ਗੁਰਦੁਆਰਾ ਰਕਾਬ ਗੰਜ ਸਾਹਿਬ ਦਿੱਲੀ ਭਾਈ ਲੱਖੀ ਸਾਹ ਵਣਜਾਰਾ ਦੀਵਾਨ ਹਾਲ ਵਿਖੇ ਕਰਵਾਈ ਗਈ ਆਲ ਇੰਡੀਆ ਪੰਥਕ ਕਨਵੈਂਸ਼ਨ ਵਿੱਚ ਹੋਰਨਾ ਤੋਂ ਇਲਾਵਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਬੋਧਨ ਕੀਤਾ,ਹਾਜ਼ਰ ਪੰਥਕ ਸ਼ਖਸ਼ੀਅਤਾਂ ਅਤੇ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ। ਯਾਦਗਾਰੀ ਤਸਵੀਰਾਂ

## ਪੰਥ ਦੇ ਵਡੇਰੇ ਹਿੱਤਾਂ ਲਈ ਐਡਵੋਕੇਟ ਧਾਮੀ ਆਪਣਾ ਅਸਤੀਫਾ ਵਾਪਸ ਲੈਣ : ਪ੍ਰੋ. ਬਡੂੰਗਰ

ਪਟਿਆਲਾ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਅਪੀਲ ਕੀਤੀ ਹੈ ਕਿ ਪੰਥ ਦੇ ਵਡੇਰੇ ਹਿੱਤਾਂ ਨੂੰ ਮੁੱਖ ਰੱਖਦਿਆਂ ਹੋਇਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨਗੀ ਪਦ ਤੋਂ ਦਿੱਤਾ ਗਿਆ ਆਪਣਾ ਅਸਤੀਫਾ ਵਾਪਸ ਲੈਣ । ਉਨਾਂ ਕਿਹਾ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੋ ਪੈਂਸੇ ਵਜੋਂ ਮਾਹਰ ਵਕੀਲ ਹਨ, ਉਨਾਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਕਾਰਜ ਕਾਲ ਬਾਖੂਬੀ ਢੰਗ ਨਾਲ ਚਲਾਇਆ ਗਿਆ ਤੇ ਸਿੱਖ ਧਰਮ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਆਪਣਾ ਵਡਮੁੱਲਾ ਯੋਗਦਾਨ ਪਾਉਂਦੇ ਚਲੇ ਆਏ ਹਨ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤਰਿੰ ਕਮੇਟੀ ਦੀ ਹੋਈ ਮੀਟਿੰਗ ਵਿੱਚ ਵੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਅਸਤੀਫਾ ਨਾ ਮਨਜ਼ੂਰ ਕਰ ਦਿੱਤਾ ਗਿਆ ਅਤੇ ਉਹਨਾਂ ਨੂੰ ਅੰਤਰਿਕ ਕਮੇਟੀ ਦੇ ਮੈਂਬਰਾਂ ਵੱਲੋਂ ਵੀ ਨਿਜੀ ਤੌਰ ਤੇ ਮਿਲਣ ਉਪਰੰਤ ਅਸਤੀਫਾ ਵਾਪਸ ਲੈਣ ਲਈ ਵੀ ਅਪੀਲ ਕੀਤੀ ਗਈ।



ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਸ਼ਹੀਦੀਆਂ ਸਿੰਘ ਸਿੰਘਣੀਆਂ

• ਸ਼ਹੀਦੀ ਸਾਕਾ : ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ • ਸ਼ਹੀਦੀ ਸਾਕਾ : ਸ੍ਰੀ ਗੰਗਸਰ ਸਾਹਿਬ ਜੈਤੋ ਦੇ ਮੋਰਚੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 22 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 23 ਫਰਵਰੀ 2025 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਰੂਪ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇਨ੍ਹਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਇੱਕ ਨਜ਼ਰ...



## ਜਥੇਦਾਰ ਰਘਬੀਰ ਸਿੰਘ ਜੀ ਸਪੱਸ਼ਟ ਫੈਸਲੇ ਲੈਣ ਦੀ ਬਜਾਏ ਤੁਹਾਡੀ ਚੁੱਪ ਖਤਰਨਾਕ ਹੈ: ਕੂਨਰ, ਸਮਰਾ, ਮੰਗੂਵਾਲ, ਤਾਤਲਾ

ਨਵੀਂ ਦਿੱਲੀ 22 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਨੇ ਅੱਜ ਇਕ ਵਾਰ ਫਿਰ ਉਨ੍ਹਾਂ ਵੱਲੋਂ ਨਿਯੁਕਤ ਜਥੇਦਾਰ ਰਘਬੀਰ ਸਿੰਘ ਜੀ ਵੱਲੋਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਸੇਵਾਮੁਕਤ ਕੀਤੇ ਗਏ ਜਥੇਦਾਰ ਸਬੰਧੀ ਦਿੱਤੇ ਗਏ ਬਿਆਨ ਨੂੰ ਚੈਲੰਜ ਕੀਤਾ ਹੈ ਬਲਕਿ ਉਨ੍ਹਾ ਬਾਰੇ ਵੀ ਉਹੋ ਜਿਹੀ ਕਾਰਵਾਈ ਦਾ ਗੁੱਝਾ ਇਸ਼ਾਰਾ ਕਰ ਦਿੱਤਾ ਹੈ। 2 ਦਸੰਬਰ ਦੇ ਹੁਕਮਾਂ ਵਿੱਚ ਮੌਜੂਦਾ ਰਵਾਇਤੀ ਅਕਾਲੀ ਲੀਡਰਸ਼ਿਪ ਨੂੰ ਅਯੋਗ ਕਰਾਰ ਦੇ ਕੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਪ੍ਰਧਾਨ ਦੀ ਅਗਵਾਈ ਵਿੱਚ 7 ਮੈਂਬਰੀ ਕਮੇਟੀ ਗਠਿਤ ਕਰਕੇ ਨਵੀਂ ਭਰਤੀ ਕਰਨ ਦਾ ਹੁਕਮ ਸੁਣਾਇਆ ਗਿਆ ਸੀ। ਇਸ ਕਮੇਟੀ ਨੇ ਅਜਾਦਾਨਾ ਤੌਰ 'ਤੇ ਨਵੀਂ ਭਰਤੀ ਕਰਨੀ ਸੀ, ਕਿਸੇ ਦੇ ਸਹਿਯੋਗ ਦੇਣ ਜਾਂ ਨਾਂ ਦੇਣ ਵਾਲੀ ਦਲੀਲ ਦਾ ਕੋਈ ਅਰਥ ਨਹੀਂ ਹੈ। ਪਰ ਸਿਆਸੀ ਸ਼ਤਰੰਜ ਦੇ ਮਾਹਰਾਂ ਨੇ ਇਸ ਨੂੰ 7 ਮੈਂਬਰੀ ਬਣਾਉਣ ਅਤੇ ਕਾਰਵਾਈ ਨੂੰ ਲਟਕਾਉਣ ਲਈ ਪਿਆਦਿਆਂ ਨੂੰ ਅੱਗੇ ਪਿੱਛੇ ਕਰਨਾ ਜਾਰੀ ਰੱਖਿਆ। ਕਿਸੇ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਦਾ ਅਹਿਮ ਰੁਤਬਾ ਹੁੰਦਾ ਸੀ ਪਰ ਅਫਸੋਸ ਕੇ ਜਿਵੇਂ ਜਿਵੇਂ ਪ੍ਰਕਾਸ਼ ਸਿੰਘ ਬਾਦਲ ਦਾ ਦਬਦਬਾ ਵਧਦਾ ਗਿਆ ਬਾਕੀ ਸਭ ਅਹੁਦੇ ਰੁਤਬੇ ਕਮਜ਼ੋਰ ਹੁੰਦੇ ਗਏ। ਜਥੇਦਾਰ ਰਘਬੀਰ ਸਿੰਘ ਜੀ ਵੱਲੋਂ ਵਿਦੇਸ਼ ਯਾਤਰਾ ਅਤੇ ਉਪਰੰਤ ਵਾਪਸ ਆ ਕੇ ਵੀ ਸਪੱਸ਼ਟ ਫੈਸਲਾ ਲੈਣ ਦੀ ਬਜਾਏ ਚੁੱਪ ਖਤਰਨਾਕ ਹੈ। ਮੁੱਖ ਸੇਵਾਦਾਰ ਸਰਬਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਸਮਰਾ, ਜਨਰਲ ਸਕੱਤਰ ਸਤਿੰਦਰਪਾਲ ਸਿੰਘ ਮੰਗੂਵਾਲ, ਆਰਗੇਨਾਈਜਰ ਪ੍ਰੀਤਕਮਲ ਸਿੰਘ ਸਮੇਤ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਅੱਗੇ ਕਿਹਾ ਕਿ ਸਪੱਸ਼ਟ ਹੈ ਕਿ ਸਿਆਸੀ ਸ਼ਤਰੰਜ ਦੀ ਇਸ ਖੇਡ ਵਿੱਚ 1 ਮਾਰਚ ਨੂੰ ਮੁੜ ਉਹੀ ਪ੍ਰਧਾਨ ਅਤੇ ਅਯੋਗ ਕਰਾਰ ਦਿੱਤੀ ਗਈ ਲੀਡਰਸ਼ਿਪ ਹੀ ਮਾਮੂਲੀ ਫੇਰਬਦਲ ਨਾਲ ਐਲਾਨ ਦਿੱਤੀ ਜਾਵੇਗੀ। ਸਿੱਖ ਕੌਮ ਨੂੰ ਬੇਨਤੀ ਹੈ ਕਿ ਜਾਗਰੂਕ ਹੋ ਕੇ ਸਮੁੱਚੇ ਘਟਨਾਕ੍ਰਮ ਨਾਲ ਨਜਿੱਠਣ ਲਈ ਯੋਗ ਨੀਤੀ ਅਪਨਾਉਂਦੇ ਹੋਏ ਇਸ ਸੰਕਟਮਈ ਸਥਿਤੀ ਵਿੱਚ ਆਪਣਾ ਯੋਗਦਾਨ ਪਾਉ ਜੀ।

## ਭਾਈ ਬਲਬੀਰ ਸਿੰਘ ਪੱਡਾ ਨਾਲ ਦੁੱਖ ਸਾਂਝਾ ਕਰਦੇ ਹੋਏ ਰਾਗੀ ਭਾਈ ਬਲਦੇਵ ਸਿੰਘ ਦਮਦਮੀ ਟਕਸਾਲ ਵਾਲੇ



ਚੌਕ ਮਹਿਤਾ, 22 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ 19 ਫਰਵਰੀ ਦਿਨ ਵੀਰਵਾਰ ਨੂੰ ਆਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੇ ਭਰਾਤਾ ਗਿਆਨੀ ਬਲਵੀਰ ਸਿੰਘ ਹੈਡ ਗ੍ਰੰਥੀ ਇਤਿਹਾਸਕ ਗੁਰਦੁਆਰਾ ਗੁਰੂ ਵੈਰੋ ਨੰਗਲ ਨਾਲ ਦੁੱਖ ਸਾਂਝਾ ਕਰਦੇ ਹੋਏ ਰਾਗੀ ਭਾਈ ਬਲਦੇਵ ਸਿੰਘ ਦਮਦਮੀ ਟਕਸਾਲ , ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਪ੍ਰਧਾਨ ਗੁਰਪ੍ਰੀਤ ਸਿੰਘ ਸਾਹ ਚੰਨਣਕੇ ਆਦਿ ਸੀਨੀਅਰ ਆਗੂਆਂ ਨੇ ਦੁੱਖ ਸਾਂਝਾ ਕੀਤਾ, ਅਤੇ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ ਕਿ ਵਿਛੜੀ ਹੋਈ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ, ਭਾਈ ਲਖਵਿੰਦਰ ਸਿੰਘ ਇੱਕ ਬਹੁਤ ਹੀ ਪਿਆਰ ਵਾਲੀ ਰੂਹ ਸਨ ਪਿੰਡ ਵਾਸੀਆਂ ਨੇ ਬਹੁਤ ਦੁੱਖ ਮਨਾਇਆ ਅੱਜ ਉਨ੍ਹਾਂ ਦੀ ਅਰਥੀ ਮਗਰ ਹਜਾਰਾਂ ਗਿਣਤੀ ਵਿੱਚ ਮਾਈ ਭਾਈ ਸਨ ਬਾਬਾ ਲਖਵਿੰਦਰ ਸਿੰਘ ਨਮਿਤ ਅੱਜ ਸਹਜ ਪਾਠ ਆਰੰਭ ਕਰ ਦਿੱਤੇ ਗਏ ਹਨ। ਉਨ੍ਹਾਂ ਦਾ ਭੋਗ ਇੱਕ ਮਾਰਚ ਨੂੰ ਪਾਏ ਜਾਣਗੇ, ਉਪਰੰਤ ਗੁਰਦੁਆਰਾ ਸਾਹਿਬ ਵਿੱਖੇ ਕੀਰਤਨ ਅਤੇ ਕਥਾ ਵੀਚਾਰ ਹੋਣਗੇ।

## ਪੰਜਾਬੀ ਮਾਂ ਬੋਲੀ ਨੂੰ ਹਮੇਸ਼ਾ ਯਾਦ ਰੱਖੀਏ: ਪ੍ਰਿੰਸੀਪਲ ਅਜੇਪਾਲ ਸਿੰਘ, ਮੈਡਮ ਮਨਪ੍ਰੀਤ ਕੌਰ

ਜੰਗਰਾਉਂ , 22 ਫਰਵਰੀ (ਵਰਿਆਮ ਹਠੂਰ) ਅਸੀਂ ਪੰਜਾਬੀ ਹਾਂ ਪੰਜਾਬ ਵਿੱਚ ਜੰਮੇ ਜਾਏ ਹਾਂ ਤੇ ਪੰਜਾਬੀ ਮਾਂ ਬੋਲੀ ਨਾਲ ਸਾਡਾ ਇੱਕ ਗੂੜ੍ਹਾ ਰਿਸ਼ਤਾ ਹੈ। ਜੋ ਸਾਨੂੰ ਪਹਿਲਾਂ ਸਾਡੀ ਮਾਂ ਤੋਂ ਹੀ ਬਚਪਨ ਵਿੱਚ ਸਿੱਖਣ ਨੂੰ ਮਿਲੀ ਤੇ ਅੱਗੇ ਸਿੱਖਦੇ-ਸਿੱਖਦੇ ਸਾਡੀ ਜ਼ੁਬਾਨ ਬਣ ਗਈ ਪੰਜਾਬੀ ਮਾਂ ਬੋਲੀ ਨੂੰ ਵਿਸਾਰਨਾ ਆਪਣੀ ਮਾਂ ਨੂੰ ਵਿਸਾਰ ਦੇਣ ਬਰਾਬਰ ਹੈ। ਜ਼ਿੰਦਗੀ ਵਿੱਚ ਬੇਸ਼ੱਕ ਪੰਜਾਬ ਦੇ ਜੰਮੇ ਜਾਏ ਪੰਜਾਬੀ ਕਿਤੇ ਵੀ ਵਸਦੇ ਹੋਣ ਨੌਲਿਜ ਲਈ ਕੋਈ ਵੀ ਭਾਸ਼ਾ ਸਿੱਖਣ, ਪੜ੍ਹਨ, ਪਰ ਆਪਣੀ ਮਾਂ ਬੋਲੀ ਨੂੰ ਕਦੇ ਵੀ ਨਾਂ ਵਿਸਾਰਨ, ਪੰਜਾਬੀ ਇੱਕ ਅਜਿਹੀ ਬੋਲੀ ਹੈ, ਜਿਸਨੂੰ ਜਿੰਨਾ ਵੀ ਸੁਣੀਏ, ਵਿਚਾਰੀਏ, ਦਿਲ ਨੂੰ ਸਕੂਨ ਮਿਲਦਾ ਹੈ। ਇੰਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਈਡੀਅਲ ਕੌਨਵੈਂਟ ਸਕੂਲ ਦੇ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਈਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਕੌਮਾਂਤਰੀ ਪੰਜਾਬੀ ਮਾਂ ਬੋਲੀ ਦਿਵਸ ਮੌਕੇ ਖ਼ਾਸ ਗੱਲਬਾਤ ਕਰਦਿਆਂ ਕੀਤਾ, ਉਨ੍ਹਾਂ ਕਿਹਾ ਕਿ ਸਾਡੇ ਗੁਰੂਆਂ, ਪੀਰਾਂ ਫ਼ਕੀਰਾਂ ਦੀ ਧਰਤੀ ਪੰਜਾਬ ਵਿੱਚ ਪਲ਼ੀ ਇਹ ਪੰਜਾਬੀ ਮਾਂ ਬੋਲੀ, ਦੇਸ਼ਾਂ ਵਿਦੇਸ਼ਾਂ ਵਿੱਚ ਵੀ ਪੈਰ ਪਸਾਰ ਗਈ, ਪਰ ਸਾਨੂੰ ਇਹ ਧਿਆਨ ਜ਼ਰੂਰ ਰੱਖਣਾ ਚਾਹੀਦਾ ਹੈ। ਕਿ ਅਸੀਂ ਪੰਜਾਬੀ ਮਾਂ ਬੋਲੀ ਦੀ ਹਾਲਤ ਤਰਸਯੋਗ ਨਾਂ ਬਣਾਈਏ ਤੇ ਆਪਣੀ ਜ਼ੁਬਾਨ ਨੂੰ ਹਮੇਸ਼ਾ ਯਾਦ ਰੱਖੀਏ, ਤੇ ਪੰਜਾਬੀ ਹੋਣ ਦਾ ਮਾਣ ਵਧਾਈਏ, ਪੰਜਾਬ ਉਸ ਧਰਤੀ ਦਾ ਨਾਂ ਹੈ, ਜਿੱਥੇ ਗੁਰੂਆਂ ਨੇ ਆਪਣੇ ਪਵਿੱਤਰ ਮੁਖਾਰਬਿੰਦ ਤੋਂ ਆਪਣੀ ਬਾਣੀ ਨਾਲ਼ ਇਸ ਨੂੰ ਅੱਗੇ ਤੋਰਿਆ, ਅੱਜ ਕੌਮਾਂਤਰੀ ਮਾਂ ਬੋਲੀ ਦਿਵਸ ਮੌਕੇ ਅਸੀਂ ਸਮੂਹ ਪੰਜਾਬੀਆਂ ਨੂੰ ਪੰਜਾਬੀ ਮਾਂ ਬੋਲੀ ਦਿਵਸ ਦੀਆਂ ਮੁਬਾਰਕਾਂ ਦਿੰਦੇ ਹਾਂ ਤੇ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਕੋਈ ਵੀ ਪੰਜਾਬੀ ਆਪਣੀ ਮਾਤਾ ਭਾਸ਼ਾ ਨੂੰ ਨਾਂ ਭੁੱਲੇ ਤੇ ਪੰਜਾਬੀ ਜ਼ੁਬਾਨ ਹਮੇਸ਼ਾ ਦਿਲਾਂ ਤੇ ਰਾਜ ਕਰਦੀ ਰਹੇ।



# ਸ਼੍ਰੀ ਅਕਾਲ ਤਖ਼ਤ ਸਾਹਿਬ ਦੀ ਹਦੂਦ ਸੀਮਤ ਕਰਨ ਦੀ ਸਾਜ਼ਿਸ਼ ਦੀ ਕੀਮਤ ਅਕਾਲੀ ਦਲ ਨੂੰ ਚੁਕਾਉਣੀ ਪਵੇਗੀ: ਰੱਖੜਾ, ਢੀਂਡਸਾ, ਬਰਾੜ, ਗੁਲਸ਼ਨ ਅਤੇ ਲਾਂਡਰਾਂ

**ਖ਼ਤ ਦੀ ਪ੍ਰਭੁਸੱਤਾ, ਸਨਮਾਨ, ਸਰਵਉਚਤਾ ਅਤੇ ਸੰਕਪਲ ਨੂੰ ਢਾਅ ਲਗਾਉਣ ਵਾਲੇ ਬਿਆਨ ਤੇ ਮੁਆਫੀ ਮੰਗਣ ਰਘੂਜੀਤ ਵਿਰਕ**

ਨਵੀਂ ਦਿੱਲੀ 22 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਹਿਤੈਸ਼ੀ ਲੀਡਰਸ਼ਿਪ ਸਰਦਾਰ ਸੁਰਜੀਤ ਸਿੰਘ ਰੱਖੜਾ, ਪ੍ਰਮਿੰਦਰ ਸਿੰਘ ਢੀਂਡਸਾ, ਬੀਬੀ ਪਰਮਜੀਤ ਕੌਰ ਗੁਲਸ਼ਨ, ਚਰਨਜੀਤ ਸਿੰਘ ਬਰਾੜ ਅਤੇ ਬੀਬੀ ਪਰਮਜੀਤ ਕੌਰ ਲਾਂਡਰਾਂ ਵਲੋ ਜਾਰੀ ਬਿਆਨ ਵਿੱਚ ਪੰਥ ਦੀਆਂ ਮੌਜੂਦਾ ਪ੍ਰਸਥਿਤੀਆਂ ਅਤੇ ਚਣੌਤੀਆਂ ਤੇ ਗਹਿਰੀ ਚਿੰਤਾ ਜਾਹਿਰ ਕੀਤੀ ਹੈ। ਸਾਂਝੇ ਬਿਆਨ ਵਿੱਚ ਆਗੂਆਂ ਨੇ ਕਿਹਾ ਕਿ, ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਅਧਿਕਾਰ ਖੇਤਰ ਨੂੰ ਕਾਨੂੰਨੀ ਨੁਕਤਿਆਂ ਜਰੀਏ ਡਰ ਦਿਖਾ ਕੇ ਸੀਮਤ ਕਰਨ ਦੀ ਸਾਜ਼ਿਸ਼ ਮੰਦਭਾਗੀ ਹੈ। ਇਸ ਸਾਜਿਸ਼ ਦੀ ਕੀਮਤ ਚੱਕਰਵਿਊ ਰਚਣ ਵਾਲੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨੂੰ ਚੁਕਾਉਣੀ ਪਵੇਗੀ, ਜੇਕਰ ਖਾਲਸਾ ਪੰਥ ਹੁਣ ਵੀ ਨਾ ਜਾਗਿਆ ਅਤੇ ਅਜਿਹੇ ਸਾਜਿਸ਼ ਕਰਨ ਵਾਲੇ ਲੋਕਾਂ ਖ਼ਿਲਾਫ਼ ਨਾ ਖੜਾ ਹੋਇਆ ਤਾਂ ਇਸ ਦੇ ਨਤੀਜੇ ਬਹੁੱਤ ਗੰਭੀਰ ਹੋ ਸਕਦੇ ਹਨ। ਆਗੂਆਂ ਨੇ ਕਿਹਾ ਕਿ ਪੰਥ ਨੂੰ ਢਾਅ ਲਗਾਉਣ ਵਾਲੀਆਂ ਏਜੰਸੀਆਂ ਦੇ ਹੱਥਾਂ ਵਿੱਚ ਖੇਡਣ ਵਾਲੇ ਲੋਕ ਇਸ ਗੱਲ ਨੂੰ ਚੰਗੀ ਤਰ੍ਹਾਂ ਜਾਣ ਲੈਣ ਕਿ ਕੌਮ ਨੇ ਹਮੇਸ਼ਾ ਸਿਰ ਦੇਕੇ ਸੰਕਲਪ ਦੀ ਰਾਖੀ ਕੀਤੀ ਹੈ, ਅਜਿਹੇ ਸਾਜਿਸ਼ਕਰਤਾਵਾਂ ਨੂੰ ਕਿਸੇ ਵੀ ਸਿਆਸੀ ਅਤੇ ਨਿੱਜੀ ਮਨਸ਼ਾ ਨੂੰ ਪੂਰਾ ਕਰਨ ਦੇ ਲਈ ਤਖ਼ਤ ਸ੍ਰੀ ਅਕਾਲ ਸਾਹਿਬ ਦੇ ਖਿਲਾਫ ਕੀਤੀ ਕਿਸੇ ਵੀ ਸਾਜਸ਼ ਨੂੰ ਰਚਣ ਤੋਂ ਪਹਿਲਾਂ ਕੁਰਬਾਨੀਆਂ ਸ਼ਹੀਦੀਆਂ ਨੂੰ ਆਪਣੇ ਧਿਆਨ ਵਿਚ ਰੱਖ ਲੈਣ। ਐਸਜੀਪੀਸੀ ਮੈਂਬਰ ਬੀਬੀ ਪਰਮਜੀਤ ਕੌਰ ਲਾਂਡਰਾਂ ਨੇ ਬੀਤੇ ਕੱਲ ਐਸਜੀਪੀਸੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ ਵਲੋ ਦਿੱਤੇ ਬਿਆਨ ਦੀ ਸਖ਼ਤ ਨਿੰਦਾ ਕੀਤੀ ਹੈ। ਓਹਨਾ ਜਿੱਥੇ ਰਘੂਜੀਤ ਵਿਰਕ ਨੂੰ ਬਿਆਨ ਵਾਪਿਸ ਲੈਣ ਦੀ ਮੰਗ ਕੀਤੀ ਹੈ ਉਥੇ ਹੀ ਇਸ ਬਿਆਨ ਲਈ ਸਮੁੱਚੇ ਪੰਥ ਅਤੇ ਕੌਮ ਤੋ ਮੁਆਫੀ ਮੰਗਣ ਦੀ ਮੰਗ ਚੁੱਕੀ ਹੈ। ਮੀਡੀਆ ਨੂੰ ਜਾਰੀ ਕੀਤੇ ਬਿਆਨ ਵਿੱਚ ਆਗੂਆਂ ਨੇ ਕਿਹਾ ਕਿ ਇਸ ਵੇਲੇ ਸਭ ਦੀ ਨਜਰ ਪੰਥ ਅਤੇ ਕੌਮ ਦੀ ਨੁਮਾਇਂਦਾ ਜਮਾਤ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਤੇ ਲੱਗੀ ਹੋਈ ਹੈ, ਇਸ ਕਰਕੇ ਦੋ ਦਸੰਬਰ ਨੂੰ ਫ਼ਸੀਲ ਤੋਂ ਭਰਤੀ ਕਮੇਟੀ ਗਠਿਨ ਕੀਤੀ ਗਈ ਸੀ। ਅੱਜ ਸਿੰਘ ਸਾਹਿਬਾਨ ਜੱਥੇਦਾਰ ਗਿਆਨੀ ਰਘੂਬੀਰ ਸਿੰਘ ਜੀ ਵਲੋ ਮੁੜ ਹੁਕਮ ਕੀਤੇ ਗਏ ਹਨ ਕਿ ਭਰਤੀ ਕਮੇਟੀ ਬਿਨਾ ਕਿਸੇ ਦੇਰੀ ਦੇ ਭਰਤੀ ਦਾ ਕੰਮ ਕਰੇ। ਆਗੂਆਂ ਨੇ ਸਮੁੱਚੀ ਕਮੇਟੀ ਮੈਂਬਰਾਂ ਨੂੰ ਮੁੜ ਅਪੀਲ ਕੀਤੀ ਕਿ ਵਰਕਰਾਂ ਦੀ ਭਾਵਨਾਵਾਂ ਤੇ ਪਹਿਰਾ ਦਿੰਦੇ ਹੋਏ, ਜਲਦੀ ਭਰਤੀ ਦਾ ਕੰਮ ਸ਼ੁਰੂ ਕੀਤਾ ਜਾਵੇ ਤਾਂ ਪੰਥ ਦੀ ਨੁਮਾਇੰਦਾ ਜਮਾਤ ਨੂੰ ਪੰਥਕ ਸੋਚ ਵਾਲਾ ਅਡੋਲ ਪ੍ਰਧਾਨ ਮਿਲ ਸਕੇ।

### ਮਾਮਲਾ ਕਾਂਗਰਸੀ ਆਗੂ ਸੱਜਣ ਕੁਮਾਰ ਦੀ ਸਜਾ ਦੇ ਫੈਸਲੇ ਦਾ

# ਵਾਰ-ਵਾਰ ਸਜਾ ਦੀ ਤਰੀਕ ਬਦਲਣ ਤੇ ਸਵਾਲੀਆ ਨਿਸ਼ਾਨ ਖੜ੍ਹੇ ਹੋ ਰਹੇ ਹਨ: ਫੈਡਰੇਸ਼ਨ ਮਹਿਤਾ



ਫ਼ਿਰੋਜ਼ਪੁਰ, 22 ਫਰਵਰੀ (ਮਨੋਹਰ ਲਾਲ) : ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਨੂੰ 1984 ਸਿੱਖਾਂ ਦੀ ਨਸਲਕੁਸੀ ਲਈ ਦਿੱਲੀ ਦੀ ਹਾਉਜ਼ ਐਵਨਿਊ ਕੋਰਟ ਵੱਲੋਂ ਦੋਸ਼ੀ ਠਹਿਰਾਉਣ ਦੇ ਮਾਮਲੇ ਵਿਚ ਜੋ 18 ਫਰਵਰੀ ਨੂੰ ਸਜਾ ਦਾ ਐਲਾਨ ਹੋਣਾ ਸੀ, ਉਸ ਨੂੰ ਵਾਰ—ਵਾਰ ਤਰੀਕ ਬਦਲਣ ਤੇ ਇਨਸਾਫ ਪਸੰਦ ਅਤੇ ਸਿੱਖ ਭਾਈਚਾਰੇ ਦੇ ਲੋਕਾਂ ਵਿਚ ਪੂਰੇ ਰੋਹ ਦੀ ਲਹਿਰ ਮੱਚ ਚੁੱਕੀ ਹੈ। ਇਸ ਬਾਰੇ ਅੱਜ ਗੱਲਬਾਤ ਕਰਦਿਆਂ ਫੈਡਰੇਸ਼ਨ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਕਿਹਾ ਕਿ ਅਜਿਹਾ ਕਰਨ ਨਾਲ ਨਿਆਂ ਪ੍ਰਣਾਲੀ ਦੀ ਪਾਰਦਰਸ਼ਤਾ ਤੇ ਸਵਾਲੀਆ ਨਿਸ਼ਾਨ ਖੜ੍ਹੇ ਹੋ ਰਹੇ ਹਨ, ਕਿਉਂਕਿ ਪਹਿਲਾਂ ਉਸਦੀ ਸਜਾ ਦਾ ਐਲਾਨ 18 ਫਰਵਰੀ ਨੂੰ ਹੋਣਾ ਸੀ, ਜਿਸ ਦੀ ਤਰੀਕ ਬਦਲ ਕੇ 21 ਫਰਵਰੀ ਕਰ ਦਿੱਤੀ ਗਈ ਅਤੇ ਹੁਣ ਇਹ 25 ਫਰਵਰੀ ਕਰ ਦਿੱਤੀ ਗਈ ਹੈ, ਜਿਸ ਨਾਲ ਆਮ ਲੋਕਾਂ ਵਿਚ ਮਾਯੂਸੀ ਦਾ ਮਾਹੌਲ ਹੈ ਅਤੇ ਜਨਤਾ ਇਹ ਪੁੱਛ ਰਹੀ ਹੈ ਕਿ ਕਿਸ ਦੇ ਦਬਾਅ ਥੱਲੇ ਇਹ ਤਰੀਕ ਵਾਰ—ਵਾਰ ਬਦਲੀ ਜਾ ਰਹੀ ਹੈ। ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਕਿਹਾ ਕਿ ਜਦੋਂ ਅਦਾਲਤ ਵੱਲੋਂ ਸੱਜਣ ਕੁਮਾਰ ਨੂੰ ਦੋਸ਼ੀ ਠਹਿਰਇਆ ਗਿਆ ਸੀ ਤਾਂ ਸਮੁੱਚੇ ਸਿੱਖ ਭਾਈਚਾਰੇ ਨੇ ਅਦਾਲਤ ਦਾ ਧੰਨਵਾਦ ਕੀਤਾ ਸੀ, ਪਰ ਹੁਣ ਜੋ ਅਦਾਲਤ ਕਰ ਰਹੀ ਹੈ, ਉਸ ਤੇ ਹੈਰਾਨੀ ਜਤਾਈ ਜਾ ਰਹੀ ਹੈ, ਨੋ ਪੀੜਤ ਪਰਿਵਾਰਾਂ ਲਈ ਕਈ ਪ੍ਰਸ਼ਨ ਚਿੰਨ ਖੜ੍ਹ ਕਰ ਰਹੀ ਹੈ। ਉਪਰੋਕਤ ਆਗੂਆਂ ਨੇ ਅਦਾਲਤ ਨੂੰ ਅਪੀਲ ਕੀਤੀ ਕਿ ਹੁਣ ਹੋਰ ਇਸ ਦੀ ਤਰੀਕ ਨਾ ਵਧਾਈ ਜਾਵੇ ਅਤੇ 25 ਤਰੀਕ ਨੂੰ ਉਸ ਨੂੰ ਘੱਟ ਤੋਂ ਘੱਟ ਫਾਂਸੀ ਦੀ ਸਜਾ ਜ਼ਰੂਰ ਮਿਲੇ। ਇਸ ਸਮੇਂ ਸੁਖਦੇਵ ਸਿੰਘ ਲਾਡਾ, ਡਾ: ਗੁਰਮੀਤ ਸਿੰਘ, ਜ਼ਸਬੀਰ ਸਿੰਘ ਤੇਗਾ ਸਿੰਘ ਵਾਲਾ, ਗੁਰਦਰਸ਼ਨ ਸਿੰਘ ਬੱਬੀ, ਹਰਜਿੰਦਰ ਸਿੰਘ ਬੱਗਾ, ਕਰਮਜੀਤ ਸਿੰਘ, ਕੁਲਦੀਪ ਸਿੰਘ ਲੋਕੋ, ਰਣਜੀਤ ਸਿੰਘ ਬਬਲੂ, ਕੁਲਦੀਪ ਸਿੰਘ ਨੰਢਾ, ਜ਼ਸਬੀਰ ਸਿੰਘ ਜੱਸ, ਗੁਰਮੇਲ ਸਿੰਘ ਭੇਡੀਆ, ਕਿਰਨਦੀਪ ਸਿੰਘ ਪੱਲਾ, ਗੁਰਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।

### ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਵਿਖੇ

# ਧੰਨ-ਧੰਨ ਬਾਬਾ ਕੁੰਦਨ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਧੰਨ ਧੰਨ ਸੰਤ ਬਾਬਾ ਪਿਆਰਾ ਸਿੰਘ ਜੀ ਢਾਬਸਰ ਵਾਲਿਆਂ ਦੀ ਮਿੱਠੀ ਯਾਦ ਵਿਚ ਮਹਾਨ ਨਗਰ ਕੀਰਤਨ ਸਜਾਇਆ



ਫ਼ਿਰੋਜ਼ਪੁਰ, 22 ਫਰਵਰੀ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਵਿਖੇ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਧੰਨ—ਧੰਨ ਬਾਬਾ ਪਿਆਰਾ ਸਿੰਘ ਜੀ ਢਾਬਸਰ ਵਾਲਿਆਂ ਦੀ ਮਿੱਠੀ ਯਾਦ ਵਿਚ ਮਹਾਨ ਨਗਰ ਕੀਰਤਨ ਸਜਾਇਆ। ਇਹ ਮਹਾਨ ਨਗਰ ਕੀਰਤਨ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਪੰਜ ਨਿਸ਼ਾਨਚੀ ਸਾਹਿਬ ਅਤੇ ਝੂਲਦੇ ਨਿਸ਼ਾਨ ਸਾਹਿਬ ਹੇਠ ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਤੋਂ 8:30 ਵਜੇ ਆਰੰਭ ਹੋਇਆ। ਇਹ ਮਹਾਨ ਨਗਰ ਕੀਰਤਨ ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਅਜੀਤਪਾਲ ਸਿੰਘ ਪਾਲੀ ਦੀ ਦੇਖ—ਰੇਚ ਹੇਠ ਚਲਿਆ, ਜੋ ਕਿ ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਤੋਂ ਪਿੰਡ ਗੋਬਿੰਦ ਨਗਰ, ਕੋਟ ਮੱਤਾ, ਬਾਲੇਵਾਲਾ, ਨਾਨਕਪੁਰਾ, ਬੁੰਗਾ, ਸੈਦੇਕੇ ਰੁਹੇਲਾ, ਢਾਨੀਆਂ, ਗਾਮੇਵਾਲਾ, ਸੈਦੇ ਕੇ ਰਹੇਲਾ, ਗੁਰਦੁਆਰਾ ਸ਼ਹੀਦਾਂ ਸਾਹਿਬ, ਧੀਰਾ ਪੱਤਰਾ, ਵਸਤੀ ਨੱਥੇਸ਼ਾਹ ਵਾਲੀ, ਭਾਵੜਾ ਆਜ਼ਮ ਸ਼ਾਹ, ਬਸਤੀ ਮਹਾਂ ਸਿੰਘ ਵਾਲੀ, ਫੁਲਰਵੰਨ, ਜੰਗਾਂ ਵਾਲਾ ਮੋੜ, ਸਦਰਦੀਨ, ਕਾਲਾ ਟਿੱਬਾ, ਨਿੱਕੀ ਟਿੱਬੀ, ਕੋਟ ਆਸਾ ਸਿੰਘ ਵਾਲਾ, ਪੀਰੂ ਵਾਲਾ, ਖਾਈ ਫੇਮੇਕੀ, ਦੋਨੋਂ ਗੁਰਦੁਆਰਾ ਸਾਹਿਬ ਤੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਵਿਖੇ ਸ਼ਾਮ ਨੂੰ ਸਮਾਪਤੀ ਦੀ ਅਰਦਾਸ ਕੀਤੀ। ਇਸ ਮੌਕੇ ਤੇ ਜੁਗਰਾਜ ਸਿੰਘ ਬੈਡ ਵਾਲਿਆਂ ਨੇ ਖੂਬ ਵਾਹ—ਵਾਹ ਖੱਟੀ। ਇਸ ਮੌਕੇ ਤੇ ਮਹਾਨ ਨਗਰ ਕੀਰਤਨ ਜੋ ਕਿ 2 ਕਿਲੋਮੀਟਰ ਲੰਬਾ ਸੀ ਅਤੇ ਪਿੰਡ ਗੋਬਿੰਦ ਨਗਰ ਦੀ ਸੰਗਤ ਨੇ ਚਾਹ ਅਤੇ ਲੰਗਰ ਦੀ ਸੰਗਤਾਂ ਦੀ ਸੇਵਾ ਕੀਤੀ। ਇਸ ਮੌਕੇ ਤੇ ਸਾਰਾ ਦਿਨ ਕੀਰਤਨੀ ਜਥਿਆਂ ਵੱਲੋਂ ਸੇਵਾ ਕੀਤੀ। ਪਿੰਡ ਵਾਲਿਆਂ ਨੇ ਥਾਂ—ਥਾਂ ਤੇ ਚਾਹ ਦਾ ਲੰਗਰ, ਫਰੂਟ ਦਾ ਲੰਗਰ ਅਤੇ ਹੋਰ ਕਈ ਪ੍ਰਕਾਰ ਦੇ ਲੰਗਰਾਂ ਦੀ ਸੇਵਾ ਕੀਤੀ। ਇਸ ਮੌਕੇ ਗੁਰਦੁਆਰਾ ਠਾਠ ਗੋਬਿੰਦ ਨਗਰ, ਖਾਈ ਫੇਮੇਕੀ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਅਜੀਤਪਾਲ ਸਿੰਘ ਪਾਲੀ ਨੇ ਨਗਰ ਕੀਰਤਨ ਵਿਚ ਆਪਣੇ—ਆਪਣੇ ਵਹੀਕਲ ਲੈ ਕੇ ਆਈ ਸੰਗਤ ਦਾ ਧੰਨਵਾਦ ਕੀਤਾ, ਉਥੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਕੱਲ 23 ਫਰਵਰੀ ਦਿਨ ਐਤਵਾਰ ਨੂੰ ਵੀ ਮਹਾਨ ਗੁਰਮਤਿ ਸਮਾਗਮ ਵਿਚ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

# 25 ਫਰਵਰੀ ਨੂੰ ਜਗਰਾਉਂ ਵਿੱਚ ਖਾਲਸਾਈ ਜਾਹੋ ਜਲਾਲ ਨਾਲ ਕੱਢਿਆ ਜਾਵੇਗਾ ਮਹੱਲਾ: ਜਥੇਦਾਰ ਬਾਬਾ ਸੁਖਦੇਵ ਸਿੰਘ ਲੋਪੋ



ਜਗਰਾਉਂ, 22 ਫਰਵਰੀ (ਵਰਿਆਮ ਹਠੂਰ) ਚਮਕੌਰ ਦੀ ਗੜ੍ਹੀ ਦੇ ਆਖ਼ਰੀ ਸ਼ਹੀਦ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਅਤੇ ਜੰਗੀ ਜਰਨੈਲ ਸ਼ਹੀਦ ਬਾਬਾ ਆਲਮ ਸਿੰਘ ਜੀ ਨੱਚਣਾ ਦੇ ਜਨਮ ਦਿਹਾੜੇ ਅਤੇ ਹੋਲੇ ਮੁਹੱਲੇ ਨੂੰ ਸਮਰਪਿਤ ਮਿਤੀ 25 ਫਰਵਰੀ 2025 ਦਿਨ ਮੰਗਲਵਾਰ ਨੂੰ ਸ਼੍ਰੋਮਣੀ ਪੰਥ ਅਕਾਲੀ ਤਰਨਾ ਦਲ ਮਿਸਲ ਸ਼ਹੀਦ ਬਾਬਾ ਆਲਮ ਸਿੰਘ ਜੀ ਨੱਚਣਾ ਚਲਦਾ ਵਹੀਰ ਚੱਕਰਵਰਤੀ ਨਹਿੰਗ ਸਿੰਘ ਦਲ ਪੰਥ ਵੱਲੋਂ ਸ਼ਹਿਰ ਜਗਰਾਉਂ ਵਿੱਚ ਖਾਲਸਾਈ ਜਾਹੋ ਜਲਾਲ ਨਾਲ ਮਹੱਲਾ ਕੱਢਿਆ ਜਾਵੇਗਾ, ਜਾਣਕਾਰੀ ਦਿੰਦਿਆਂ ਮਿਸਲ ਸਹੀਦ ਬਾਬਾ ਆਲਮ ਸਿੰਘ ਜੀ ਨੱਚਣਾ ਦੇ ਮੌਜੂਦਾ ਜਥੇਦਾਰ ਬਾਬਾ ਸੁਖਦੇਵ ਸਿੰਘ ਜੀ ਲੋਪੋ ਨੇ ਕਿਹਾ ਕਿ ਗੁਰਦੁਆਰਾ ਸ਼ਹੀਦ ਬਾਬਾ ਜੀਵਨ ਸਿੰਘ ਜੀ ਛਾਉਣਾ ਨਹਿੰਗ ਸਿੰਘ ਤਰਨਾ ਦਲ, ਮਹੱਲਾ ਬਾਗ. ਖੇਤਾ ਰਾਮ ਵਿਖੇ 25 ਫਰਵਰੀ ਨੂੰ ਸਵੇਰੇ 9 ਵਜੇ ਤੋਂ ਲੈਕੇ 12 ਵਜੇ ਤੱਕ ਮਹਾਨ ਕੀਰਤਨ ਦਰਬਾਰ ਸਜਾਇਆ ਜਾਵੇਗਾ, ਉਪਰੰਤ ਦੁਪਹਿਰ 1 ਵਜੇ ਜਗਰਾਉਂ ਦੇ ਅਗਵਾੜ ਡਾਲਾ ਸ਼ਿਵਪੁਰੀ ਗਰਾਊਂਡ ਵਿਖੇ ਨਹਿੰਗ ਸਿੰਘ ਫ਼ੌਜਾਂ ਵੱਲੋਂ ਖਾਲਸਾਈ ਜਾਹੋ ਜਲਾਲ ਨਾਲ ਮਹੱਲਾ ਖੇਡਿਆ ਜਾਵੇਗਾ, ਜੋ ਸੰਗਤਾਂ ਲਈ ਖਿੱਚ ਦਾ ਕੇਂਦਰ ਹੋਵੇਗਾ, ਵੱਖ ਵੱਖ ਸਤਿਕਾਰਯੋਗ ਜਥੇਦਾਰ ਸਹਿਬਾਨ ਗੁਰੂ ਦੀਆਂ ਲਾਡਲੀਆਂ ਫੌਜਾਂ ਹਾਜ਼ਰੀਆਂ ਭਰਨਗੀਆਂ.

# ਇੱਕ ਨਜ਼ਰ...



## ਗੁਰੂ ਨਾਨਕ ਪਬਲਿਕ ਹਾਈ ਸਕੂਲ ਮਹਿਤਾ ਵਿਖੇ ਦਸਵੀਂ ਜਮਾਤ ਦੇ ਵਿਦਿਆਰਥੀਆ ਨੂੰ ਦਿੱਤੀ ਵਿਦਾਇਗੀ ਪਾਰਟੀ

ਚੌਂਕ ਮਹਿਤਾ 22 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਇਲਾਕੇ ਪੁਰਾਣੀ ਅਤੇ ਮਸ਼ਹੂਰ ਵਿਦਿਆਕ ਅਦਾਰਾ ਅੱਜ ਸ੍ਰੀ ਗੁਰੂ ਨਾਨਕ ਪਬਲਿਕ ਹਾਈ ਸਕੂਲ, ਮਹਿਤਾ ਵਿੱਚ ਦਸਵੀਂ ਜਮਾਤ ਸਾਲ 2024-25 ਦੇ ਵਿਦਿਆਰਥੀਆ ਨੇ ਸਕੂਲ ਵਿਚ ਬਤਾਏ 12ਸਾਲ ਦਾ ਪ੍ਰਾਪਤ ਕੀਤੀ ਵਿਦਿਆ ਅਤੇ ਹੋਰ ਗਤੀਵਿਧੀਆ ਦੂਸਰੇ ਵਿਦਿਆਰਥੀਆਂ ਨਾਲ ਸਾਂਝੇ ਕੀਤੇ।ਬੱਚਿਆਂ ਮਨੋਰੰਜਨ ਖੇਡਾਂ ਦਾ ਪ੍ਰਦਰਸ਼ਨ ਕੀਤਾ ।ਸਕੂਲ ਮੈਨੇਜਮੈਂਟ ਸ਼੍ਰੀ ਸ਼ਾਮ ਲਾਲ ਜੀ ਨੇ ਵਿਦਾ ਹੋ ਰਹੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਸਫਲ ਹੋਣ ਦਾ ਅਸ਼ੀਰਵਾਦ ਦਿੱਤਾ। ਇਸ ਸਮਾਗਮ ਵਿੱਚ ਸਾਰੇ ਅਧਿਆਪਕਾਂ ਨੇ ਸਹਿਯੋਗ ਕੀਤਾ। ਇਸ ਸਮਾਗਮ ਦੌਰਾਨ ਮੈਡਮ ਹਰਪ੍ਰੀਤ ਕੌਰ, ਮੁਸਕਾਨ ਕੁਮਾਰੀ,ਸ੍ਰ ਅਵਤਾਰ ਸਿੰਘ ਅਤੇ ਸਰ ਰੋਬਿਨ ਸਿੰਘ ।ਅਤੇ ਸਾਰਾ ਸਟਾਫ ਹਾਜਰ ਸਨ।

## ਮਿਸਲ ਸਤਲੁਜ ਵਲੋਂ ਠੇਠਰ ਕਲਾਂ 'ਚ ਆਯੋਜਤ ਕੀਤਾ ਜਾ ਰਿਹਾ ਪੰਥਕ ਪੜਾਅ ਵਿੱਚ ਲੋਕਾਂ ਦਾ ਉਤਸ਼ਾਹ ਜਾਰੀ

### ਸਿੱਖ ਇਤਿਹਾਸ, ਗੱਤਕਾ, ਅਤੇ ਨਸ਼ਿਆਂ ਖਿਲਾਫ਼ ਜਾਗਰੂਕਤਾ 'ਤੇ ਕੇਂਦਰਿਤ



ਅੰਮ੍ਰਿਤਸਰ, 22 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- ਮਿਸਲ ਸਤਲੁਜ ਵਲੋਂ ਪੰਥਕ ਪੜਾਅ ਪ੍ਰੋਗਰਾਮ ਤਹਿਤ ਪਹਿਲਾ ਪੰਥਕ ਪੜਾਅ ਗੁਰੂਦਵਾਰਾ ਪਾਤਸ਼ਾਹੀ ਪੰਜਵੀਂ, ਠੇਠਰ ਕਲਾਂ (ਜਿਲਾ ਫਿਰੋਜ਼ਪੁਰ) ਵਿੱਚ ਲੋਕਾਂ ਦਾ ਉਤਸ਼ਾਹ ਜਾਰੀ ਹੈ। ।ਇਹ ਪੰਜ ਰੋਜ਼ਾ ਪ੍ਰੋਗਰਾਮ 18 ਤਾਰੀਖ ਤੋਂ 22 ਤਾਰੀਖ ਤਕ ਜਾਰੀ ਹੈ ਜਿਸ ਵਿੱਚ ਬੱਚਿਆਂ ਅਤੇ ਨੌਜਵਾਨਾਂ ਨੂੰ ਸਿੱਖ ਇਤਿਹਾਸ, ਗੱਤਕੇ ਦੀ ਟ੍ਰੇਨਿੰਗ, ਦਸਤਾਰ ਬੰਨਣ ਦੀ ਸਿਖਲਾਈ ਅਤੇ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਮੁਹਿੰਮ ਵਿੱਚ ਸ਼ਮੂਲਤ ਕੀਤਾ ਗਿਆ ਹੈ ਗੱਤਕੇ ਦੀ ਟ੍ਰੇਨਿੰਗ ਅਤੇ ਦਸਤਾਰ ਸਿਖਲਾਈ ਨੇ ਵਿਸ਼ੇਸ਼ ਤੌਰ 'ਤੇ ਬੱਚਿਆਂ ਵਿੱਚ ਉਤਸ਼ਾਹ ਜਗਾਇਆ। ਖ਼ਾਸ ਕਰਕੇ ਬੱਚੀਆਂ ਵੱਲੋਂ ਗੱਤਕਾ ਸਿੱਖਣ ਵਿੱਚ ਵਧੇਰੇ ਚਾਅ ਵੇਖਣ ਨੂੰ ਮਿਲਿਆ ਪ੍ਰੋਗਰਾਮ ਦੇ ਪਹਿਲੇ ਦਿਨ ਬਾਬਾ ਜੀ ਅਵਤਾਰ ਸਿੰਘ ਸਾਧਾਂ ਵਾਲਿਆਂ ਨੇ ਕਥਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਹਰ ਰਾਤ ਨਸ਼ਿਆਂ ਖ਼ਿਲਾਫ਼ ਤਿਆਰ ਕੀਤੀਆਂ ਗਈਆਂ ਖ਼ਾਸ ਦਸਤਾਵੇਜ਼ੀ ਫਿਲਮਾਂ ਦਿਖਾਈਆਂ ਗਈਆਂ ਜਿਨ੍ਹਾਂ ਨੇ ਨੌਜਵਾਨਾਂ 'ਚ ਜਾਗਰੂਕਤਾ ਪੈਦਾ ਕੀਤੀ ਗਈ 19 ਤਾਰੀਕ ਨੂੰ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਇਕ ਨਾਟਕ ਵੀ ਪ੍ਰਦਰਸ਼ਿਤ ਕੀਤਾ ਗਿਆ ਜੋ ਸੰਗਤਾਂ ਲਈ ਸਿੱਖਿਆਵਹੀਕ ਸਾਬਤ ਹੋਇਆ ਉੱਘੇ ਵਿਦਵਾਨ ਅਤੇ ਸਿੱਖ ਇਤਿਹਾਸਕਾਰ ਡਾ. ਸੁਖਪ੍ਰੀਤ ਸਿੰਘ ਉਦੋਕੇ ਨੇ 'ਬਾਬਾਣੀਆਂ ਕਹਾਣੀਆਂ' ਲੜੀ ਤਹਿਤ ਸੰਗਤਾਂ ਨੂੰ ਸਿੱਖ ਇਤਿਹਾਸ ਦੇ ਸੋਨੇਮੜੀਆਂ ਸਫ਼ਿਆਂ ਨਾਲ ਰੂਬਰੂ ਕਰਵਾਇਆ। ਇਹ ਸੈਸ਼ਨ ਨੌਜਵਾਨਾਂ ਵਿੱਚ ਆਪਣੇ ਮੂਲਾਂ ਅਤੇ ਧਰਮ ਪ੍ਰਤੀ ਗਹਿਰੀ ਰੁਚੀ ਪੈਦਾ ਕਰਨ ਵਿੱਚ ਕਾਮਯਾਬ ਰਿਹਾ ਹੈ ਮਿਸਲ ਸਤਲੁਜ ਦੇ ਪ੍ਰਧਾਨ ਅਜੇਪਾਲ ਸਿੰਘ ਨੇ "ਕਿਛੁ ਸੁਣੀਐ ਕਿਛੁ ਕਹੀਐ" ਪ੍ਰੋਗਰਾਮ ਤਹਿਤ ਨੌਜਵਾਨਾਂ ਨਾਲ ਖੁੱਲੀ ਵਿਚਾਰ-ਚਰਚਾ ਕੀਤੀ। ਇਸ ਦੌਰਾਨ, ਪੰਜਾਬ ਦੀ ਆਰਥਿਕ ਮਜ਼ਬੂਤੀ ਅਤੇ ਨੌਜਵਾਨਾਂ ਦੇ ਪ੍ਰਸ਼ਨਾਂ ਦੇ ਉੱਤਰ ਵੀ ਦਿੱਤੇ ਗਏ ਮਿਸਲ ਸਤਲੁਜ ਦੇ ਜਰਨਲ ਸਕੱਤਰ ਦੇਵਿੰਦਰ ਸਿੰਘ ਸੇਖੋਂ ਨੇ ਦੱਸਿਆ ਕਿ ਇਹ ਪੰਥਕ ਪੜਾਅ ਮਿਸਲ ਸਤਲੁਜ ਦੀ ਲੜੀ ਦੇ ਪਹਿਲੇ ਕਦਮ ਹੈ। ਇਸ ਲੜੀ ਨੂੰ ਅਗੇ ਵਧਾਉਂਦੇ ਹੋਏ ਆਉਣ ਵਾਲੇ ਸਾਲ ਵਿੱਚ ਪੰਜਾਬ ਦੇ ਵੱਖ-ਵੱਖ ਇਲਾਕਿਆਂ 'ਚ 100 ਗੁਰਮਤਿ ਕੈਂਪ ਲਗਾਏ ਜਾਣਗੇ। ਉਨ੍ਹਾਂ ਨੇ ਕਿਹਾ, "ਇਸ ਯਤਨ ਦਾ ਮਕਸਦ ਬੱਚਿਆਂ ਅਤੇ ਨੌਜਵਾਨਾਂ ਨੂੰ ਸਿੱਖ ਇਤਿਹਾਸ ਅਤੇ ਰਿਵਾਇਤ ਨਾਲ ਜੋੜ ਕੇ ਗੁਰਮਤਿ ਦੇ ਰਾਹ 'ਤੇ ਤੋਰਨਾ ਹੈ ਤਾਂ ਜੋ ਉਹ ਨਸ਼ਿਆਂ ਅਤੇ ਹੋਰ ਅਲਾਮਤਾਂ ਤੋਂ ਬਚ ਸਕਣ ਇਸ ਪ੍ਰੋਗਰਾਮ ਨੇ ਪਿੰਡ ਠੇਠਰ ਕਲਾਂ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸਿਰਫ ਧਾਰਮਿਕ ਜਾਗਰੂਕਤਾ ਹੀ ਨਹੀਂ ਫੈਲਾਈ, ਸਗੋਂ ਸਮਾਜਿਕ ਸੋਧ ਲਈ ਵੀ ਇਕ ਨਵਾਂ ਰਾਹ ਦਿਖਾਇਆ।

## ਮੀਟਰ ਰੀਡਰ , ਸੁਪਰਵਾਈਜ਼ਰ ਯੂਨੀਅਨ ਵੱਲੋ ਸਲਾਨਾ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ

ਚੌਂਕ ਮਹਿਤਾ, 22 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਗੁਰਦੁਆਰਾ ਸ੍ਰੀ ਬਾਬਾ ਹੁੰਦਾਲ ਜੀ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਿਜਲੀ ਬੋਰਡ ਅਧੀਨ ਕੰਮ ਕਰਦੇ ਸਪੋਟ ਬਿਲਿੰਗ ਮੀਟਰ ਰੀਡਰਾ, ਸੁਪਰਵਾਈਜ਼ਰਾ ਵੱਲੋ ਨਵੇਂ ਸਾਲ ਦੇ ਆਗਮਨ ਅਤੇ ਸਟਾਫ ਦੀ ਚੜਦੀ ਕਲਾ ਵਾਸਤੇ ਸਲਾਨਾ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ।ਜਿਸ ਵਿੱਚ ਬਿਜਲੀ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਜੀ ਦੇ ਭਰਾ ਸਤਿੰਦਰ ਸਿੰਘ ਜੀ, ਨਰੇਸ਼ ਪਾਠਕ ਜੀ, ਸਰਬਜੀਤ ਸਿੰਘ ਡਿੰਪੀ ਸ਼ਹਿਰੀ ਪ੍ਰਧਾਨ,ਅਮਨਪ੍ਰੀਤ ਸਿੰਘ ਪ੍ਰਧਾਨ ਐਮ ਐਸ ਯੂ, ਮਨਿੰਦਰ ਸਿੰਘ ਮਨੀ ਪ੍ਰਧਾਨ, ਜੇ ਈ ਲਖਵਿੰਦਰ ਸਿੰਘ, ਲਾਇਨਮੈਨ ਰਵਿੰਦਰ ਸਿੰਘ ਰਵੀ,ਲਾਇਨਮੈਨ ਜਸਪਾਲ ਸਿੰਘ, ਲਾਈਨਮੈਨ ਸੰਦੀਪ ਸਿੰਘ, ਲਾਇਨਮੈਨ ਪ੍ਰਮੋਦ ਕੁਮਾਰ, ਲਾਇਨਮੈਨ ਟਿੰਮਾ ,ਅਮਨ ਵਿਰਕ ਆਸਟ੍ਰੇਲੀਆ, ਨਰਿੰਦਰ ਔਲਖ ਆਦਿ ਆਗੂਆ ਨੂੰ ਮੀਟਰ ਰੀਡਰ ਯੂਨੀਅਨ ਦੇ ਪ੍ਰਧਾਨ ਗਗਨਦੀਪ ਸਿੰਘ ਅਤੇ ਸਾਥੀਆ ਨੇ ਸਨਮਾਨਿਤ ਕੀਤਾ ।ਇਸ ਮੌਕੇ ਤੇ ਪ੍ਰਧਾਨ ਗਗਨਦੀਪ ਸਿੰਘ ਅਤੇ ਸਾਥੀਆ ਨੇ ਸਮੂਹ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਸਮੂਹ ਸੰਗਤ ਦੀ ਚੜਦੀ ਕਲਾ ਲਈ ਅਰਦਾਸ ਕਰਵਾਈ। ਇਸ ਮੌਕੇ ਤੇ ਸੁਪਰਵਾਈਜ਼ਰ ਵਿਨੇ ਕੁਮਾਰ, ਰਾਜਦੀਪ ਸਿੰਘ, ਕੁਲਸ਼ੇਰ ਸਿੰਘ, ਹਰਮਨਦੀਪ ਸਿੰਘ ਮੀਟਰ ਰੀਡਰ, ਸੁਖਬੀਰ ਸਿੰਘ, ਸੁਖਦੀਪ ਸਿੰਘ, ਹਰਪ੍ਰੀਤ ਸਿੰਘ, ਲਵਲਦੀਪ ਸਿੰਘ, ਵਰਿੰਦਰ ਸਿੰਘ ਬੰਡਾਲਾ, ਗੁਰਪ੍ਰੀਤ ਸਿੰਘ,ਦਿਨੇਸ਼ ਸੋਨੀ ਅੰਮ੍ਰਿਤਸਰ, ਆਦਿ ਸਪੋਟ ਬਿਲਿੰਗ ਸਟਾਫ ਅਤੇ ਮੀਟਰ ਰੀਡਰ ਯੂਨੀਅਨ ਦੇ ਆਗੂ ਹਾਜ਼ਰ ਸਨ।

# ਇਨਕਲਾਬੀ ਪੰਜਾਬੀ ਕਵੀ ਦਰਸ਼ਨ ਖਟਕੜ ਸ. ਪ੍ਰੀਤਮ ਸਿੰਘ ਬਾਸੀ ਯਾਦਗਾਰੀ ਸਾਹਿਤ ਪੁਰਸਕਾਰ ਨਾਲ ਸਨਮਾਨਿਤ



ਸਵਰਗੀ ਡਾ. ਦਰਸ਼ਨ ਗਿੱਲ ਤੇ ਸਾਥੀਆਂ ਵੱਲੋਂ ਪੱਚੀ ਸਾਲ ਪਹਿਲਾਂ ਸਥਾਪਿਤ ਬੀ ਸੀ ਕਲਚਰਲ ਫਾਉਂਡੇਸ਼ਨ(ਰਜਿ ?) ਸਰੀ (ਕੈਨੇਡਾ) ਵੱਲੋਂ ਸਥਾਪਿਤ ਸਵਰਗੀ ਸ. ਪ੍ਰੀਤਮ ਸਿੰਘ ਬਾਸੀ ਪੁਰਸਕਾਰ ਅੱਜ ਪੰਜਾਬੀ ਕਵੀ ਦਰਸ਼ਨ ਖਟਕੜ ਨੂੰ ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਿਜ ਲੁਧਿਆਣਾ ਦੇ ਪਰਵਾਸੀ ਸਾਹਿੱਤ ਅਧਿਐਨ ਕੇਂਦਰ ਵਿਖੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਸਹਿਯੋਗ ਨਾਲ ਦਿੱਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਉੱਘੇ ਲੇਖਕ ਡਾ. ਵਰਿਆਮ ਸਿੰਘ ਸੰਧੂ ਸ਼ਾਮਿਲ ਹੋਏ ਜਦ ਕਿ ਸਮਾਗਮ ਦੀ ਪ੍ਰਧਾਨਗੀ ਡਾ. ਸ ਪ ਸਿੰਘ ਸਾਬਕਾ ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਸ਼ਾਮਿਲ ਹੋਏ। ਵਿਸ਼ੇਸ਼ ਮਹਿਮਾਨ ਵਜੋਂ ਪੰਜਾਬੀ ਕਵੀ ਮੋਹਨ ਗਿੱਲ( ਕੈਨੇਡਾ) ਸ਼ਾਮਿਲ ਹੋਏ। ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਰਇਕਬਾਲ ਸਿੰਘ ਨੇ ਇਨਕਲਾਬੀ ਕਵੀ ਦਰਸ਼ਨ ਖਟਕੜ ਦੀ ਸਾਹਿੱਤ ਸੇਵਾ ਤੇ ਜੀਵਨ ਬਾਰੇ ਮੁੱਖ ਭਾਸ਼ਨ ਦੇਂਦਿਆਂ ਕਿਹਾ ਕਿ ਦਰਸ਼ਨ ਖਟਕੜ ਵੱਲੋਂ 1971 ਵਿੱਚ ਵਿਦਿਆਰਥੀ ਲਹਿਰ ਦੇ ਆਗੂ ਵਜੋਂ ਜੇਲ੍ਹ ਜਾਣ ਤੋਂ ਪਹਿਲਾਂ ਅਤੇ ਜੇਲ੍ਹ ਵਾਸ ਦੌਰਾਨ ਲਿਖੀਆਂ ਕਵਿਤਾਵਾਂ 'ਸੰਗੀ ਸਾਥੀ' ਕਾਵਿ ਪੁਸਤਕ ਦੇ ਰੂਪ ਵਿੱਚ 1973 ਵਿੱਚ ਛਪੀ ਜਦ ਕਿ 2010 ਵਿੱਚ 'ਉਲਟੇ ਰੁਖ਼ ਪਰਵਾਜ਼' ਦੂਜਾ ਕਾਵਿ ਸੰਗ੍ਰਹਿ ਛਪਿਆ ਜੋ ਨਕਸਲੀ ਕਾਵਿ ਪਰੰਪਰਾ ਦੀ ਨਿਰੰਤਰਤਾ ਨੂੰ ਪੇਸ਼ ਕਰਦਾ ਬਾਜ਼ਾਰ ਮੁਖੀ ਰੁਝਾਨ 'ਤੇ ਤਿੱਖਾ ਵਾਰ ਕਰਦਾ ਹੈ। ਆਪ ਦੀਆਂ ਹੋਰ ਲਿਖਤਾਂ 'ਵਿਲਾਇਤ ਨੂੰ 94 ਖ਼ਤ ਅਤੇ ਯਾਦਾਂ' ਹਨ ਜਿਸਨੂੰ ਦਵਿੰਦਰ ਨੌਰਾ ਨੇ ਸੰਪਾਦਿਤ ਕੀਤਾ। ਉਨ੍ਹਾਂ ਬਾਰੇ ਇੱਕ ਵੱਡ ਆਕਾਰੀ ਪੁਸਤਕ 'ਦਰਸ਼ਨ ਖਟਕੜ: ਸੰਘਰਸ਼ ਤੇ ਸ਼ਾਇਰੀ ਨੂੰ ਸੁਖਵਿੰਦਰ ਕੰਬੋਜ ,ਰਵਿੰਦਰ ਸਹਿਰਾ ਤੇ ਸੁਖਵਿੰਦਰ ਗਿੱਲ ਨੇ ਸੰਪਾਦਿਤ ਕੀਤਾ। ਆਪ ਨੇ ਪਿਛਲੇ ਸਾਲ ਮਾਰਕਸ ਦੀ ਮਹੱਤਵਪੂਰਨ ਪੋਥੀ 'ਪੂੰਜੀ ਨੂੰ ਪੜ੍ਹਦੇ ਪੜ੍ਹਦੇ' ਛਪੀ ਹੈ। ਸਮਾਗਮ ਦੇ ਮੁੱਖ ਮਹਿਮਾਨ ਡਾ. ਵਰਿਆਮ ਸਿੰਘ ਸੰਧੂ ਨੇ ਕਿਹਾ ਕਿ ਦਰਸ਼ਨ ਖਟਕੜ ਦਾ ਜੀਵਨ ਤੇ ਰਚਨਾ ਪਹਿਲੇ ਕਦਮ ਤੋਂ ਅੱਜ ਤੀਕ ਲੋਕ ਮੁਕਤੀ ਮਾਰਗ ਤੇ ਤੁਰ ਰਹੀ ਹੈ। ਉਸ ਨੇ ਮੱਧ ਯੁੱਗ ਦੇ ਸਿੱਖ ਨਾਇਕਾਂ ਦੀ ਕਵਿਤਾ ਵਿੱਚ ਸ਼ਮੂਲੀਅਤ ਕਰਕੇ ਸਮੁੱਚੀ ਨਕਸਲਬਾੜੀ ਅਸਰ ਵਾਲੀ ਸ਼ਾਇਰੀ ਦਾ ਰੁਖ਼ ਮੋੜਿਆ। ਉਹ ਰੂਸ ਤੇ ਤੀਨ ਦੀਆਂ ਇਨਕਲਾਬੀ ਲਹਿਰਾਂ ਦੇ ਨਾਲ ਨਾਲ ਪੰਜਾਬ ਦੀ ਰਹਿਤਲ ਨੂੰ ਵੀ ਸ਼ਾਇਰੀ ਵਿੱਚ ਗੁੰਨ੍ਹਦਾ ਹੈ। ਸਮਾਗਮ ਦੀ ਪ੍ਰਧਾਨਗੀ ਕਰਦਿਆਂ ਡਾ. ਸ ਪ ਸਿੰਘ ਨੇ ਕਿਹਾ ਕਿ ਮੰਗਾ ਸਿੰਘ ਬਾਸੀ ਨੇ ਸਪੁੱਤਰ ਹੋਣ ਦਾ ਪ੍ਰਮਾਣ ਦਿੱਤਾ ਹੈ ਜਿਸ ਨੇ ਸਤਿਕਾਰਤ ਪਿਤਾ ਜੀ ਦੀ ਯਾਦ ਵਿੱਚ ਇਹ ਪੁਰਸਕਾਰ ਸਥਾਪਤ ਕੀਤਾ ਹੈ। ਸਮਾਗਮ ਵਿੱਚ ਮੰਗਾ ਸਿੰਘ ਬਾਸੀ ਦੇ ਸਤਿਕਾਰਤ ਭੈਣ ਜੀ ਪ੍ਰਕਾਸ਼ ਕੌਰ, ਜੀਜਾ ਜੀ ਸ. ਛੱਜਾ ਸਿੰਘ , ਭਤੀਜਾ ਸ. ਜਸਪਾਲ ਸਿੰਘ ਬਾਸੀ ਤੇ ਉਸ ਦੀ ਜੀਵਨ ਸਾਥਣ ਤੋਂ ਇਲਾਵਾ ਮਿੱਤਰ ਸ. ਸੰਤੋਖ ਸਿੰਘ ਬਾਸੀ ਨੂਰਮਹਿਲ ਸ਼ਾਮਿਲ ਹੋਏ। ਸਭ ਨੂੰ ਸਮਾਗਮ ਵਿੱਚ ਸਨਮਾਨਿਤ ਕੀਤਾ ਗਿਆ। ਧੰਨਵਾਦ ਦੇ ਸ਼ਬਦ ਬੋਲਦਿਆਂ ਦਰਸ਼ਨ ਖਟਕੜ ਨੇ ਕਿਹਾ ਕਿ ਵਿਗਿਆਨ ਦਾ ਵਿਦਿਆਰਥੀ ਹੋਣ ਦੇ ਬਾਵਜੂਦ ਪੰਜਾਬੀ ਕਵਿਤਾ ਮੇਰੇ ਦਿਲ ਦੀ ਬਾਤ ਰਹੀ ਹੈ। ਉਨ੍ਹਾਂ ਇਸ ਮੌਕੇ ਗਾਜ਼ਾ ਪੱਟੀ ਦੇ ਸੰਘਰਸ਼ ਬਾਰੇ ਗੀਤ ਸੁਣਾਉਂਦਿਆਂ ਪੁਰਸਕਾਰ ਲਈ ਮੰਗਾ ਸਿੰਘ ਬਾਸੀ ਤੇ ਬੀ ਸੀ ਕਲਚਰਲ ਫਾਉਂਡੇਸ਼ਨ ਦਾ ਧੰਨਵਾਦ ਕੀਤਾ। ਸਮਾਗਮ ਦੇ ਵਿਸ਼ੇਸ਼ ਮਹਿਮਾਨ ਤੇ ਸੱਰੀ(ਕੈਨੇਡਾ) ਵੱਸਦੇ ਕਵੀ ਮੋਹਨ ਗਿੱਲ ਨੇ ਕਿਹਾ ਕਿ ਇਹ ਪੁਰਸਕਾਰ ਬੀੜ ਬੰਸੀਆਂ(ਜਲੰਧਰ) ਦੇ ਜੰਮਪਲ ਤੇ ਵਰਤਮਾਨ ਸਮੇਂ ਕੈਨੇਡਾ ਵਾਸੀ ਸਾਡੇ ਪਿਆਰੇ ਮਿੱਤਰ ਪੰਜਾਬੀ ਕਵੀ ਮੰਗਾ ਸਿੰਘ ਬਾਸੀ ਨੇ ਆਪਣੇ ਸਤਿਕਾਰਯੋਗ ਪਿਤਾ ਜੀ ਤੇ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਸਰਪ੍ਰਸਤ ਸ. ਪ੍ਰੀਤਮ ਸਿੰਘ ਬਾਸੀ ਜੀ ਦੀ ਯਾਦ ਵਿੱਚ ਸਥਾਪਿਤ ਕਰਕੇ ਸਭਨਾਂ ਲਈ ਮਿਸਾਲ ਕਾਇਮ ਕੀਤੀ ਹੈ ਇਸ ਪੁਰਸਕਾਰ ਵਿੱਚ ਦਰਸ਼ਨ ਖਟਕੜ ਜੀ ਨੂੰ 51 ਹਜ਼ਾਰ ਰੁਪਏ ਦੀ ਧਨ ਰਾਸ਼ੀ ,ਫੁਲਕਾਰੀ ਤੋਂ ਇਲਾਵਾ ਸ਼ੋਭਾ ਪੱਤਰ ਵੀ ਦਿੱਤਾ ਗਿਆ। ਸ਼ੋਭਾ ਪੱਤਰ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੀ ਮੁਖੀ ਪ੍ਰੋ. ਸ਼ਰਨਜੀਤ ਕੌਰ ਨੇ ਪੜ੍ਹਿਆ। ਦਰਸ਼ਨ ਖਟਕੜ ਦੀ ਇੱਕ ਗ਼ਜ਼ਲ ਦਾ ਗਾਇਨ ਸੁਰੀਲੇ ਪੰਜਾਬੀ ਕਵੀ ਤ੍ਰੈਲੋਚਨ ਲੋਚੀ ਨੇ ਕੀਤਾ। ਵਿਸ਼ਵ ਪੰਜਾਬੀ ਸਭਾ ਟੋਰਾਂਟੋ ਦੀ ਭਾਰਤੀ ਪ੍ਰਧਾਨ ਬਲਬੀਰ ਕੌਰ ਰਾਏਕੋਟੀ ਨੇ ਸਭਾ ਵੱਲੋਂ ਗੁਰਮੁਖੀ ਅੱਖਰਮਾਲਾ ਵਾਲੇ ਸ਼ਾਲ ਭੇਂਟ ਕੀਤੇ। ਇਸ ਸਮਾਗਮ ਨੂੰ ਮਾਲਵਾ ਟੀ ਵੀ ਵੱਲੋਂ ਲਾਈਵ ਟੈਲੀਕਾਸਟ ਕੀਤਾ ਗਿਆ। ਕਾਲਿਜ ਦੇ ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਭੱਲਾ ਨੇ ਪੰਜਾਬੀ ਪਿਆਰਿਆਂ ਨੂੰ ਸਮਾਗਮ ਵਿੱਚ ਸ਼ਾਮਿਲ ਹੋਣ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਸ. ਹਰਸ਼ਰਨ ਸਿੰਘ ਨਰੂਲਾ ਆਨਰੇਰੀ ਜਨਰਲ ਸਕੱਤਰ ਕਾਲਿਜ ਪ੍ਰਬੰਧਕ ਕਮੇਟੀ, ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.)ਦੇ ਪ੍ਰਧਾਨ ਦਰਸ਼ਨ ਬੁੱਟਰ,ਟੋਰਾਂਟੋ ਵਾਸੀ ਕਾਰੋਬਾਰੀ ਸ. ਇੰਦਰਜੀਤ ਸਿੰਘ ਬੱਲ,ਕੁਲਵਿੰਦਰ ਸਿੰਘ,ਪ੍ਰੋ. ਜਾਗੀਰ ਸਿੰਘ ਕਾਹਲੋਂ, ਸਤਿੰਦਰਪਾਲ ਸਿੰਘ ਸਿੱਧਵਾਂ, ਡਾ. ਸੋਹਣ ਸਿੰਘ ਪਰਮਾਰ, ਅੰਗਰੇਜ਼ ਸਿੰਘ ਬਰਾੜ (ਸੱਰੀ) ਪ੍ਰੋ. ਰਵਿੰਦਰ ਸਿੰਘ ਭੱਠਲ ,ਡਾ. ਲਖਵਿੰਦਰ ਸਿੰਘ ਜੌਹਲ ਸਾਬਕਾ ਪ੍ਰਧਾਨ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ , ਪ੍ਰਿੰਸੀਪਲ (ਰੀਟ.)ਡਾ. ਪਰਮਜੀਤ ਸਿੰਘ ਗਰੇਵਾਲ ਵੀ ਪਹੁੰਚੇ। ਮੰਚ ਸੰਚਾਲਨ ਡਾ. ਤੇਜਿੰਦਰ ਕੌਰ ਕੋਆਰਡੀਨੇਟਰ ਪਰਵਾਸੀ ਸਾਹਿੱਤ ਅਧਿਐਨ ਕੇਂਦਰ ਨੇ ਕੀਤਾ ।

# ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦੀ ਸਾਕੇ ਨੂੰ ਸਮਰਪਿਤ 104 ਵਾਂ ਸ਼ਹੀਦੀ ਸਮਾਗਮ ਅਤੇ ਕੀਰਤਨ ਦਰਬਾਰ 'ਚ ਹਜ਼ਾਰਾਂ ਸੰਗਤਾਂ ਨੇ ਹਾਜ਼ਰੀ ਭਰੀ: ਜਥੇਦਾਰ ਬਲਦੇਵ ਸਿੰਘ ਮੁਸਤਫ਼ਾ ਪੁਰ



ਜੰਡਿਆਲਾ ਗੁਰੂ, 22 ਫਰਵਰੀ ( ਕੁਲਵੰਤ ਸਿੰਘ ਵਿਰਦੀ ) ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦੀ ਸਾਕੇ ਨੂੰ ਸਮਰਪਿਤ 104 ਵਾਂ ਸ਼ਹੀਦੀ ਸਮਾਗਮ ਤੇ ਕੀਰਤਨ ਦਰਬਾਰ ਸ਼੍ਰੋਮਣੀ ਪੰਥ ਅਕਾਲੀ ਤਰਨਾ ਦਲ ਮਿਸਲ ਸ਼ਹੀਦ ਬਾਬਾ ਨਿਬਾਹੂ ਸਿੰਘ ਰੰਘਰੇਟਾ ਦੇ ਮੁੱਖੀ ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ ਦੀ ਅਗਵਾਈ'ਚ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ ਮਨਾਇਆ ਗਿਆ, ਅਖੰਡ ਪਾਠਾਂ ਦੇ ਭੋਗ ਪਾਏ ਗਏ, ਧਾਰਮਿਕ ਦੀਵਾਨ ਸਜਾਏ ਗਏ, ਧਾਰਮਿਕ ਬੁਲਾਰਿਆਂ ਤੇ ਹੋਰ ਪੰਥਕ ਸ਼ਖਸ਼ੀਅਤਾਂ ਦਾ ਸਨਮਾਨ ਕੀਤਾ ਗਿਆ, ਗਤਕਾ ਬਾਜ਼ੀ ਦੇ ਮੁਕਾਬਲੇ ਕਰਵਾਏ ਤੇ ਇਨਾਮ ਵੰਡੇ ਗਏ, ਗੁਰੂ ਕੇ ਲੰਗਰ ਦੇਗਾਂ ਸਰਦਾਈਆ ਅਤੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਮੁਕੰਮਲ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੀਆਂ ਹਾਜ਼ਰੀਆਂ ਭਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ ਉਹਨਾਂ ਭਾਈ ਖਾਲਸਾ ਨੇ ਦੱਸਿਆ ਹਰ ਸਾਲ ਸ਼੍ਰੋਮਣੀ ਪੰਥ ਅਕਾਲੀ ਤਰਨਾ ਦਲ ਮਿਸਲ ਸ਼ਹੀਦ ਬਾਬਾ ਨਿਬਾਹੂ ਸਿੰਘ ਜੀ ਵੱਲੋਂ ਸ਼ਰਧਾ ਭਾਵਨਾਵਾਂ ਨਾਲ ਮਕਾ ਕਿ ਜਿਥੇ ਸੰਗਤਾਂ ਨੂੰ ਨਨਕਾਣਾ ਸਾਹਿਬ ਦੇ ਸਾਕੇ ਨੂੰ ਸਮਰਪਿਤ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਦੀ ਇੱਕ ਧਾਰਮਿਕ ਲਹਿਰ ਚਲਾਈ ਹੋਈ ਹੈ ਅਤੇ ਇਸੇ ਲਹਿਰ ਕੜੀ 104 ਵਾਂ ਸ਼ਹੀਦੀ ਸਮਾਗਮ ਅਤੇ ਕੀਰਤਨ ਦਰਬਾਰ ਸਬੰਧੀ ਪਰਸੋ ਦੇ ਰੋਜ਼ ਤੋਂ ਰੱਖੇਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨ ਭੋਗ ਅਰਦਾਸ ਤੇ ਹੁਕਮਨਾਮੇ ਤੋਂ ਉਪਰੰਤ ਭਾਈ ਗੁਰਜੀਤ ਸਿੰਘ ਦੇ ਕੀਰਤਨੀ ਜਥੇ ਵੱਲੋਂ ਗੁਰਬਾਣੀ ਸ਼ਬਦ ਕੀਰਤਨ ਰਾਹੀਂ ਹਾਜ਼ਰੀ ਲਵਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ, ਇਸ ਮੌਕੇ ਤੇ ਬੋਲਦਿਆਂ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਜੀ ਨੇ ਨਨਕਾਣਾ ਸਾਹਿਬ ਨੂੰ ਅਜ਼ਾਦ ਕਰਾਉਣ ਲਈ ਸਹੀਦ ਭਾਈ ਲਛਮਣ ਸਿੰਘ ਧਾਰੋਵਾਲੀ ਦੇ ਜਥੇ'ਚ ਸ਼ਹੀਦ ਜਥੇਦਾਰ ਆਤਮਾ ਸਿੰਘ, ਸ਼ਹੀਦ ਜਥੇਦਾਰ ਹੀਰਾਂ ਸਿੰਘ, ਜਥੇਦਾਰ ਲਛਮਣ ਸਿੰਘ, ਸ਼ਹੀਦ ਭਾਈ ਮੰਗਲ ਸਿੰਘ, ਸ਼ਹੀਦ ਭਾਈ ਪ੍ਰੇਮ ਸਿੰਘ, ਬੀਬੀ ਈਸ਼ਰ ਕੌਰ, ਬੀਬੀ ਇੱਛਰ ਕੌਰ, ਅਤੇ ਸ਼ਹੀਦ ਭਾਈ ਦਰਬਾਰਾ ਸਿੰਘ ਆਦਿ ਸ਼ਹੀਦਾਂ ਦੀ ਕੁਰਬਾਨੀ ਸਬੰਧੀ ਸੰਗਤਾਂ ਨੂੰ ਵਿਸਥਾਰ ਚਾਨਣਾ ਪਾਇਆ ਅਤੇ ਦੱਸਿਆ ਇਹ ਸਾਰੇ ਸ਼ਹੀਦ ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ ਦੇ ਪ੍ਰਵਾਰ ਨਾਲ ਸਬੰਧਤ ਸਨ , ਇਸ ਕਰਕੇ ਇਹਨਾਂ ਸ਼ਹੀਦਾਂ ਦੀ ਯਾਦ ਵਿੱਚ ਸ਼ਹੀਦੀ ਸਮਾਗਮ ਅਤੇ ਕੀਰਤਨ ਦਰਬਾਰ ਕਰਵਾ ਕੇ ਸੰਗਤਾਂ ਨੂੰ ਜਾਗਰੂਕ ਕਰਨਾ ਸਮੇਂ ਅਤੇ ਲੋਕਾਂ ਦੀ ਮੰਗ ਵਾਲਾ ਸ਼ਲਾਘਾਯੋਗ ਉਪਰਾਲਾ ਹੈ, ਸਮਾਗਮ ਵਿੱਚ ਅੱਧੀ ਦਰਜਨ ਤੋਂ ਧਾਰਮਿਕ ਬੁਲਾਰਿਆਂ ਨੇ ਹਾਜ਼ਰੀ ਤੇ ਸਹੀਦਾ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ, ਭਾਈ ਖਾਲਸਾ ਨੇ ਦੱਸਿਆ ਧਾਰਮਿਕ ਦੀਵਾਨ ਦੀ ਸਮਾਪਤੀ ਤੋਂ ਉਪਰੰਤ ਗਤਕੇਬਾਜ਼ੀ ਦੇ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਇੱਕ ਦਰਜਨ ਦੇ ਕਰੀਬ ਗਤਕਾ ਅਖਾੜਾ ਪਾਰਟੀਆਂ ਨੇ ਭਾਗ ਲਿਆ ਤੇ ਸੰਗਤਾਂ ਨੂੰ ਗਤਕੇਬਾਜ਼ੀ ਦੇ ਜੌਹਰ ਵਿਖਾਏ ਅਤੇ ਸਮੂਹ ਗਤਕਾ ਬਾਜ਼ੀ ਦੇ ਸਿੰਘਾ ਨੂੰ ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ ਤੇ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਵੱਲੋਂ ਸਾਂਝੇ ਤੌਰ ਤੇ ਇਨਾਮ ਵੰਡੇ ਗਏ, ਇਸ ਮੌਕੇ ਤੇ ਜਥੇਦਾਰ ਅਕਾਲ ਤਖ਼ਤ ਸਾਹਿਬ ਗਿਆਨੀ ਰਘਬੀਰ ਸਿੰਘ ਜੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਰੰਘਰੇਟਾ ਕੌਮ ਦੀ ਬੁਲੰਦ ਆਵਾਜ਼ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ, ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ, ਜਥੇਦਾਰ ਬਾਬਾ ਸੁਖਪਾਲ ਸਿੰਘ ਫੂਲ ਬਠਿੰਡਾ ਤੇ ਨਨਕਾਣਾ ਸਾਹਿਬ ਦੇ ਸਾਕੇ ਸਹੀਦਾ ਦੀ ਅੰਸ਼ ਬੰਸ ਜਥੇਦਾਰ ਬਾਬਾ ਜੋਗਿੰਦਰ ਸਿੰਘ ਜੀ, ਜਥੇਦਾਰ ਬਾਬਾ ਬਲਦੇਵ ਸਿੰਘ ਜੀ ਮੁਸਤਫ਼ਾ ਪੁਰ, ਜਥੇਦਾਰ ਬਾਬਾ ਪ੍ਰਗਟ ਸਿੰਘ ਮਜੀਠਾ ਬਾਈਪਾਸ ਜਥੇਦਾਰ ਹਰਜਿੰਦਰ ਸਿੰਘ ਮੁਕਤਸਰ ਸਾਹਿਬ, ਜਥੇਦਾਰ ਤਰਸੇਮ ਸਿੰਘ ਰੰਘੜਨੰਗਲ ਜਥੇਦਾਰ ਬਾਬਾ ਬਲਬੀਰ ਸਿੰਘ ਖਾਪੜਖੇੜੀ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਤੋਂ ਇਲਾਵਾ ਸੈਂਕੜੇ ਜਥੇਦਾਰ ਸਾਹਿਬਾਨ ਤੇ ਹਜ਼ਾਰਾਂ ਸੰਗਤਾਂ ਨੇ ਹਾਜ਼ਰੀ ਭਰੀ ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ, ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ ਅਤੇ ਸਨਮਾਨ ਯੋਗ ਸਖ਼ਸ਼ੀਅਤਾਂ ਦਾ ਸਨਮਾਨ ਕੀਤਾ ਗਿਆ।

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥ ॥

# ਅੰਤਿਮ ਅਰਦਾਸ ਅਤੇ ਭੋਗ



## ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਪੱਡਾ

ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਪੱਡਾ ਦੀ ਅੰਤਿਮ ਅਰਦਾਸ ਅਤੇ ਭੋਗ 1 ਮਾਰਚ 2025 ਦਿਨ ਸ਼ਨੀਵਾਰ ਨੂੰ ਨਜਦੀਕ ਮਹਿਤਾ ਚੌਕ ਅੰਮ੍ਰਿਤਸਰ ਰੋਡ ਸੂਰੋ ਪੱਡਾ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪੈਣਗੇ।

ਦੁੱਖੀ ਹਿਰਦੇ ਨਾਲ ਪੱਡਾ ਪਰਵਾਰ

ਜਾਰੀ ਕਰਦਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪ੍ਰਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪੰਥਕ ਏਕਤਾ ਅਤੇ ਚੜ੍ਹਦੀ ਕਲਾ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਨੂੰ ਮੰਨਣਾ ਸਾਰਿਆਂ ਲਈ ਜਰੂਰੀ : ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ




















## ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਚੱਲ ਰਹੇ ਸਾਲਾਨਾ ਗੁਰਮਤਿ ਸਮਾਗਮ ਸੰਪੂਰਨ

ਸਮਾਲਸਰ , 22 ਫਰਵਰੀ ( ਭੁਪਿੰਦਰ ਸਿੰਘ)- 20ਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ 16 ਫਰਵਰੀ ਤੋਂ ਜਾਰੀ ਸਮਾਗਮ ਅੱਜ ਵਿਸ਼ੇਸ਼ ਗੁਰਮਤਿ ਸਮਾਗਮ ਨਾਲ ਅੱਜ ਸਮਪੂਰਨ ਹੋ ਗਏ। ਅੱਜ ਦੇ ਇਸ ਸਮਾਗਮ ਵਿੱਚ ਸ਼੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜੱਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਅਤੇ ਹੋਰ ਸ਼ਖਸੀਅਤਾਂ ਨੇ ਹਾਜਰੀ ਭਰੀ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਨੇ ਸੰਗਤਾਂ ਨਾਲ ਗੁਰਬਾਣੀ ਵਿਚਾਰਾਂ ਦੀ ਸਾਂਝ ਪਾਂਉਦਿਆਂ ਸਮੂਹ ਸੰਗਤਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਪੰਥਕ ਏਕਤਾ ਅਤੇ ਪੰਥਕ ਚੜਦੀ ਕਲਾ ਲਈ ਦਿਤੇ ਜਾ ਰਹੇ ਪ੍ਰੋਗਰਾਮ ਅਤੇ ਜਾਰੀ ਕੀਤੇ ਜਾ ਰਹੇ ਹੁਕਮਾਂ ਨੂੰ ਮੰਨਣ ਦੀ ਅਪੀਲ ਕੀਤੀ। ਸਿੰਘ ਸਾਹਿਬ ਨੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਅੰਮ੍ਰਿਤਧਾਰੀ ਹੋਣ ਅਤੇ ਨਿਤ ਨੇਮ ਦੇ ਪੱਕੇ ਧਾਰਨੀ ਹੋਣ ਦੀ ਅਪੀਲ ਕੀਤੀ।

ਇਸ ਮੌਕੇ ਕੈਪਟਨ ਹਰਚਰਨ ਸਿੰਘ ਰੋਡੇ, ਭਾਈ ਜਗਤਾਰ ਸਿੰਘ ਰੋਡੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ, ਭਾਈ ਸੁਖਹਰਪ੍ਰੀਤ ਸਿੰਘ ਰੋਡੇ, ਮੈਂਬਰ ਅੰਤ੍ਰਿੰਗ ਕਮੇਟੀ ਐਸਜੀਪੀਸੀ, ਭਾਈ ਹਰਪਾਲ ਸਿੰਘ ਰੋਡੇ, ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਸਵਰਨਜੀਤ ਸਿੰਘ ਮੁੱਖੀ ਮਿਸਲ ਸ਼ਹੀਦਾਂ ਤਰਨਾ ਦਲ ਦੋਆਬਾ, ਬਾਬਾ ਬਲਵਿੰਦਰ ਸਿੰਘ ਕਾਰਸੇਵਾ ਵਾਲੇ, ਬਾਬਾ ਜਗਤਾਰ ਸਿੰਘ ਕਾਰਸੇਵਾ ਵਾਲੇ, ਬਾਬਾ ਗੁਰਦਿਆਲ ਸਿੰਘ ਲੰਗਿਆਣਾ, ਬਾਬਾ ਸੁਖਪ੍ਰੀਤ ਸਿੰਘ ਰਾਜੇਆਣਾ, ਬਾਬਾ ਰਮਨਦੀਪ ਸਿੰਘ ਮੰਡੀਰਾਂ, ਬਾਬਾ ਹਰਜਿੰਦਰ ਸਿੰਘ ਬਟੀਲੀ ਵਾਲੇ, ਬਾਬਾ ਕਰਨੈਲ ਸਿੰਘ ਕਾਰਸੇਵਾ ਵਾਲੇ, ਬਾਬਾ ਕੁਲਦੀਪ ਸਿੰਘ ਬਹੋਨਾ, ਗਿਆਨੀ ਗੁਰਸ਼ਰਨ ਸਿੰਘ ਦਮਦਮੀ ਟਕਸਾਲ ਵਾਲੇ, ਬਾਬਾ ਮੇਹਰ ਦਾਸ, ਬਾਬ ਗੁਰਦੀਪ ਸਿੰਘ ਸੰਤਪੁਰੀ ਠਾਠਵਾਲੇ, ਗਿਆਨੀ ਕਰਨਦੀਪ ਸਿੰਘ ਦਮਦਮਾ ਸਾਹਿਬ ਵਾਲੇ, ਬਾਬਾ ਲੱਖਾਂ ਸਿੰਘ ਔਲਖ, ਬਾਬਾ ਭਜਨ ਸਿੰਘ ਔਲਖ, ਧੰਨਾ ਸਿੰਘ ਯੂਕੇ, ਬਾਬਾ ਜਰਮਨਜੀਤ ਸਿੰਘ, ਸੱਤਾ ਰੋਡੇ, ਜਸਪ੍ਰੀਤ ਸਿੰਘ, ਜੱਸੂ ਸਿੰਘ ਰੋਡੇ, ਭਾਈ ਮਨਪ੍ਰੀਤ ਸਿੰਘ, ਭਾਈ ਇਕਬਾਲ ਸਿੰਘ, ਭਾਈ ਮਨਮੋਹਨ ਸਿੰਘ ਰੋਡੇ ਅਤੇ ਹੋਰ ਸੰਗਤਾਂ ਭਾਰੀ ਗਿਣਤੀ ਵਿੱਚ ਹਾਜ਼ਰ ਸਨ। ਇਸ ਸਮੇਂ ਗੁਰਦੁਆਰਾ ਜਨਮ ਅਸਥਾਨ ਸੰਤ ਖਾਲਸਾ ਦੇ ਮੁੱਖ ਸੇਵਾਦਾਰ ਭਾਈ ਬਲਵਿੰਦਰ ਸਿੰਘ ਖਾਲਸਾ ਨੇ ਅੱਜ ਦੇ ਦੀਵਾਨੀ ਦੀ ਸਮਾਪਤੀ ਦੀ ਅਰਦਾਸ ਬੇਨਤੀ ਕੀਤੀ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਨੇ ਗੁਰਮੁੱਖ ਸਿੰਘ ਐੱਮ.ਏ. ਦੇ ਜੱਥੇ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ। ਇਸ ਸਮੇਂ ਸ੍ਰੋਮਣੀ ਗੁਰਦੁਆਰਾ ਪ੍ਰਬੰਧ ਕਮੇਟੀ ਮੈਂਬਰ ਭਾਈ ਜਗਤਾਰ ਸਿੰਘ ਰੋਡੇ ਨੇ ਪਹੁੰਚੀਆਂ ਸਮੂਹ ਸੰਗਤਾਂ ਨੂੰ ਜੀ ਆਇਆ ਆਖਿਆ। ਇਸ ਸਮੇਂ ਗੁਰੂ ਕਾ ਲੰਗਰ ਅਤੁੱਟ ਵਰਤਿਆ।

ਆਵਾਜ਼ਿ ਕੌਮ
AWAZE QAUM
International Newspaper & WEB TV